


ਰੋਜ਼ਾਨਾ

ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : Lokbani08@gmail.com

ਸੋਮਵਾਰ, 24 ਅਪ੍ਰੈਲ 2023 ਮੁੱਖ ਸੰਪਾਦਕ:-ਅਮਨ ਮਹਿਰਾ

ਜਲੰਧਰ

RNI .PUNPUN/29016/2008 | ਸਾਲ 15 | ਅੰਕ 111 | ਮੁੱਲ 5ਰੁਪਏ | ਕੁੱਲ ਪੇਜ 10 | ਫੈਕਸ: 0181-2211009,99155-94111





## ਭਲਵਾਨਾਂ ਨੇ ਦਿੱਲੀ ਦੇ ਜੰਤਰ ਮੰਤਰ ਤੇ ਦਿੱਤਾ ਧਰਨਾ

**ਦਿੱਲੀ/ਕਪੂਰ**

ਦੇਸ਼ ਦੇ ਭਲਵਾਨਾਂ ਨੇ ਇਥੋਂ ਦੇ ਜੰਤਰ ਮੰਤਰ ’ਤੇ ਅੱਜ ਮੁੜ ਧਰਨਾ ਦਿੱਤਾ। ਇਸ ਮੌਕੇ ਬਜਰੰਗ ਪੂਨੀਆ ਨੇ ਕਿਹਾ ਹੈ ਕਿ ਮੰਗਾਂ ਸਬੰਧੀ ਕਾਰਵਾਈ ਨਾ ਹੋਣ ਕਾਰਨ ਉਨ੍ਹਾਂ ਨੂੰ ਮੁੜ ਧਰਨਾ ਦੇਣ ਲਈ ਮਜਬੂਰ ਹੋਣਾ ਪਿਆ ਹੈ। ਜ਼ਿਕਰਯੋਗ ਹੈ ਕਿ ਬਜਰੰਗ ਪੂਨੀਆ ਸਣੇ ਵਿਨੇਸ਼ ਫੋਗਾਟ, ਰਵੀ ਦਹੀਆ ਤੇ ਸਾਕਸ਼ੀ ਮਲਿਕ ਨੇ ਜਨਵਰੀ ਮਹੀਨੇ ਵਿੱਚ ਜੰਤਰ ਮੰਤਰ ’ਤੇ ਧਰਨਾ ਦਿੱਤਾ ਸੀ ਅਤੇ ਰੈਸਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਬ੍ਰਿਜ ਭੂਸ਼ਨ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਸੀ। ਭੂਸ਼ਨ ’ਤੇ ਮਹਿਲਾ ਭਲਵਾਨਾਂ ਨੇ ਸਰੀਰਕ ਸ਼ੋਸ਼ਣ ਅਤੇ ਦੁਰਵਿਹਾਰ ਦੇ ਦੋਸ਼ ਲਾਏ ਸਨ। ਇਸ ਮਗਰੋਂ ਕੇਂਦਰੀ ਖੇਡ ਮੰਤਰਾਲੇ ਨੇ ਨਿਗਰਾਨ ਕਮੇਟੀ ਬਣਾਈ ਸੀ ਤੇ ਮੰਤਰਾਲੇ ਨੂੰ ਰਿਪੋਰਟ ਸੌਂਪਣ ਲਈ ਕਿਹਾ ਸੀ। ਪੂਨੀਆ ਨੇ ਕਿਹਾ ਕਿ ਉਸ ਪਤਾ ਲੱਗਾ ਹੈ ਕਿ ਇਕ ਕਮੇਟੀ ਮੈਂਬਰ ਦੇ ਹਸਤਾਖਰ ਬਿਨਾਂ ਹੀ ਇਹ ਰਿਪੋਰਟ ਕੇਂਦਰੀ ਮੰਤਰਾਲੇ ਨੂੰ ਸੌਂਪ ਦਿੱਤੀ ਗਈ ਹੈ ਤੇ ਮੈਂਬਰ ਨੇ ਇਸ ਰਿਪੋਰਟ ਬਾਰੇ ਅਸਹਿਮਤੀ ਜਤਾਈ ਹੈ।

## ਭਾਜਪਾ ਖਿਲਾਫ ਕਾਰਵਾਈ ਕਰਨ ਲਈ ਰਾਜਸਥਾਨ ਵਿਚ ਸਚਿਨ ਪਾਇਲਟ ਨੇ ਕਿਹਾ

**ਜੈਪੁਰ /ਲੋਕ ਬਾਣੀ**



ਰਾਜਸਥਾਨ ਦੇ ਸਾਬਕਾ ਉਪ ਮੁੱਖ ਮੰਤਰੀ ਸਚਿਨ ਪਾਇਲਟ ਨੇ ਅੱਜ ਇਥੇ ਕਿਹਾ ਕਿ ਉਹ ਆਪਣੀ ਹੀ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਜਾਰੀ ਰੱਖੇਗਾ ਤਾਂ ਕਿ ਭਾਜਪਾ ਦੀ ਸਰਕਾਰ ਦੌਰਾਨ ਸੂਬੇ ਵਿੱਚ ਹੋਏ ਭ੍ਰਿਸ਼ਟਾਚਾਰ ਖ਼ਿਲਾਫ਼ ਕਾਰਵਾਈ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬਾਈ ਕਾਂਗਰਸ ਸਰਕਾਰ ਖ਼ਿਲਾਫ਼ ਚੁੱਕੇ ਗਏ ਕਦਮ ਤੋਂ ਉਹ ਪਿੱਛੇ ਨਹੀਂ ਹਟੇਗਾ ਅਤੇ ਸਰਕਾਰ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਭਾਜਪਾ ਦੇ ਰਾਜ ਦੌਰਾਨ ਹੋਏ ਭ੍ਰਿਸ਼ਟਾਚਾਰ ਖ਼ਿਲਾਫ਼ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ 11 ਅਪਰੈਲ ਨੂੰ ਪੂਰਾ ਦਿਨ ਕੀਤੀ ਗਈ ਭੁੱਖ ਹੜਤਾਲ ਦੇ ਬਾਵਜੂਦ ਸਰਕਾਰ ਨੇ ਕੋਈ ਕਾਰਵਾਈ ਨਹੀਂ ਕੀਤੀ।

# ਅਮਰੀਕਾ ਦੀ ਝੀਲ ਚ ਡੁੱਬੇ ਭਾਰਤੀ ਵਿਦਿਆਰਥੀਆਂ ਦੀਆਂ ਲਾਸ਼ਾ ਲਭਿਆਂ

**ਨਿਊਯਾਰਕ/ ਲੋਕ ਬਾਣੀ**

ਅਮਰੀਕਾ ਦੇ ਇੰਡੀਆਨਾ ਸੂਬੇ ਦੀ ਝੀਲ ਵਿੱਚ ਤੈਰਨ ਦੌਰਾਨ ਡੁੱਬੇ ਦੋ ਭਾਰਤੀ ਵਿਦਿਆਰਥੀਆਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਅਖਬਾਰ ‘ਯੂਐੱਸਏ ਟੂਡੇ’ ਅਨੁਸਾਰ ਸਿਧਾਂਤ ਸ਼ਾਹ



(19) ਤੇ ਆਰੀਅਨ ਵੈਦ (20) ਬੀਤੀ 15 ਅਪਰੈਲ ਨੂੰ ਦੋਸਤਾਂ ਨਾਲ ਇੰਡੀਆਨਾਪੋਲਿਸ ਸ਼ਹਿਰ ਤੋਂ 65 ਕਿਲੋਮੀਟਰ ਦੂਰ ਮੋਨਰੋ ਝੀਲ ਵਿੱਚ ਤੈਰਨ ਗਏ ਸਨ ਅਤੇ ਡੁੱਬ ਗਏ ਸਨ। ਦੋਹਾਂ ਦੀਆਂ ਲਾਸ਼ਾਂ 18 ਅਪਰੈਲ ਨੂੰ ਬਰਾਮਦ ਕਰ ਲਈਆਂ ਗਈਆਂ ਹਨ।

# ਫਿਲਮੀ ਅੰਦਾਜ਼ ਚ ਗ੍ਰਿਫਤਾਰੀ ਤੋ ਬਾਅਦ ਅਮ੍ਰਿਤਪਾਲ ਨੂੰ ਡਿਬਰੂਗੜ ਜੇਲ੍ਹ ਭੇਜਿਆ ਗਿਆ




**ਚੰਡੀਗੜ੍ਹ/ ਵਿਨੋਦ ਸ਼ਰਮਾ**

ਸੰਸਥਾ ‘ਵਾਰਿਸ ਪੰਜਾਬ ਦੇ’ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਅੱਜ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਅਸਾਮ ਦੇ ਡਿਬਰੂਗੜ੍ਹ ਸਥਿਤ ਕੇਂਦਰੀ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਹੈ। ਪੰਜਾਬ ਪੁਲੀਸ ਤੇ ਕੌਮੀ ਸੁਰੱਖਿਆ ਏਜੰਸੀ (ਐੱਨਐੱਸਏ) ਦੇ ਅਧਿਕਾਰੀ ਵੀ ਅੰਮ੍ਰਿਤਪਾਲ ਸਿੰਘ ਦੇ ਨਾਲ ਡਿਬਰੂਗੜ੍ਹ ਪਹੁੰਚੇ ਹਨ। ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਨੂੰ ਅਸਾਮ ਦੇ ਡਿਬਰੂਗੜ੍ਹ ਜੇਲ੍ਹ ਵਿੱਚ ਪਹੁੰਚਾਉਣ ਲਈ ਬਠਿੰਡਾ ਤੋਂ ਰਵਾਨਾ ਹੋਇਆ ਵਿਸ਼ੇਸ਼ ਹਵਾਈ ਜਹਾਜ਼ ਕੁੱਝ ਘੰਟੇ ਪਹਿਲਾਂ ਡਿਬਰੂਗੜ੍ਹ ਦੇ ਹਵਾਈ ਅੱਡੇ ’ਤੇ ਉਤਰਿਆ ਸੀ। ਸੂਤਰਾਂ ਅਨੁਸਾਰ ਇਹ ਹਵਾਈ ਜਹਾਜ਼ ਦੁਪਹਿਰ 2.20 ਵਜੇ ਹਵਾਈ ਅੱਡੇ ’ਤੇ ਉਤਰਿਆ ਸੀ। ਕੇਂਦਰੀ ਜੇਲ੍ਹ ਹਵਾਈ ਅੱਡੇ ਤੋਂ 15 ਕਿਲੋਮੀਟਰ ਦੂਰ ਹੈ।

## ਸੂਡਾਨ ਵਿੱਚ ਫਸੇ ਕਰਮਚਾਰੀਆਂ ਨੂੰ ਅਮਰੀਕਾ ਦੀ ਫੋਜ ਨੇ ਕੱਢਿਆ

**ਵਾਸ਼ਿੰਗਟਨ (ਲੋਕ ਬਾਣੀ)**

ਅਮਰੀਕਾ ਦੇ ਰਾਸ਼ਟਰਪਤੀ ਜੋ ਬਾਈਡਨ ਨੇ ਵ੍ਹਾਈਟ ਹਾਊਸ ਦੁਆਰਾ ਜਾਰੀ ਇਕ ਬਿਆਨ ਵਿਚ ਕਿਹਾ ਕਿ ਦੇਸ਼ ਦੀ ਫੌਜ ਨੇ ਇਕ ਆਪ੍ਰੇਸ਼ਨ ਚਲਾਇਆ ਅਤੇ ਸੰਘਰਸ਼ ਪ੍ਰਭਾਵਿਤ ਸੂਡਾਨ 'ਚ ਫਸੇ ਸਰਕਾਰੀ ਕਰਮਚਾਰੀਆਂ ਨੂੰ ਬਾਹਰ ਕੱਢਿਆ ਹੈ।



## ਭਾਰੀ ਮੀਂਹ ਤੇ ਬਰਫਬਾਰੀ ਕਾਰਨ ਕੇਦਾਰਨਾਥ ਯਾਤਰਾ ਲਈ ਰਜਿਸਟਰੇਸ਼ਨ ਰੁਕੀ

**ਰਿਸ਼ੀਕੇਸ਼ (ਲੋਕ ਬਾਣੀ)**

ਉਤਰਾਖੰਡ ਦੇ ਕੇਦਾਰਨਾਥ ਧਾਮ ਵਿੱਚ ਪਿਛਲੇ ਕੁਝ ਦਿਨਾਂ ਤੋਂ ਮੌਸਮ ਖਰਾਬ ਹੈ ਤੇ ਉਥੇ ਬਰਫਬਾਰੀ ਹੋ ਰਹੀ ਹੈ। ਇਸ ਕਾਰਨ ਸ਼ਰਧਾਲੂਆਂ ਦੀ ਰਜਿਸਟਰੇਸ਼ਨ ਦਾ ਕੰਮ ਐਤਵਾਰ ਨੂੰ ਰੋਕ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਕੇਦਾਰਨਾਥ ਧਾਮ ਦੇ ਕਪਾਟ 25 ਅਪਰੈਲ ਨੂੰ ਖੋਲ੍ਹੇ ਜਾਣਗੇ। ਪ੍ਰਸ਼ਾਸਨ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਮੌਸਮ ਦੀ ਸਮੀਖਿਆ ਕਰਨ ਮਗਰੋਂ ਹੀ ਰਜਿਸਟਰੇਸ਼ਨ ਦੀ ਕਾਰਵਾਈ ਬਹਾਲ ਕੀਤੀ ਜਾਏਗੀ।

## ਜਲੰਧਰ ਚ ਹੱਕ ਵਿੱਚ ਵੋਟਾਂ ਪਵਾਉਣ ਲਈ ਆਪ ਤੇ ਅਕਾਲੀਆਂ ਲਾਏ ਦੋਸ਼

**ਜਲੰਧਰ/ ਰਾਕੇਸ਼ ਵਰਮਾ**

ਸ਼੍ਰੋਮਣੀ ਅਕਾਲੀ ਦਲ ਨੇ ਅੱਜ ਭਾਰਤੀ ਚੋਣ ਕਮਿਸ਼ਨ ਨੂੰ ਕੋਲ ਸ਼ਿਕਾਇਤ ਦਾਇਰਕੀਤੀ ਤੇ ਦੱਸਿਆ ਕਿ ਆਮ ਆਦਮੀ ਪਾਰਟੀ ਸਰਕਾਰ ਪੰਚਾਇਤੀ ਰਾਜ ਅਧਿਕਾਰੀਆਂ ਦੇ ਨਾਲ ਨਾਲ ਸਰਪੰਚਾਂ ਨੂੰ ਵੀ ਇਹ ਧਮਕੀਆਂ ਦੇ ਰਹੀਹੈ ਕਿ ਜੇਕਰ ਉਹਨਾਂ ਦੇ ਇਲਾਕਿਆਂ ਵਿਚੋਂ ਆਪ ਦੇ ਉਮੀਦਵਾਰ ਦੀ ਲੀਡ ਨਾਲ ਨਿਕਲੀ ਤਾਂ ਫਿਰ ਉਹ ਨਤੀਜੇ ਭੁਗਤਣ ਲਈ ਤਿਆਰ




ਰਹਿਣ। ਇਥੇ ਇਕ ਪ੍ਰੈਸ ਕਾਨਫਰੰਸ ਵਿਚ ਇਸ ਗੱਲ ਦੇ ਵੇਰਵੇ ਸਾਂਝੇ ਕਰਦਿਆਂ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰ ਬਲਵਿੰਦਰ ਸਿੰਘ ਭੂੰਦੜ ਤੇ ਸ੍ਰੀ ਪਵਨ ਕੁਮਾਰ ਟੀਨੂੰ ਨੇ ਦੱਸਿਆ ਕਿ ਆਦਮਪੁਰ ਬਲਾਕ ਦੇ ਸਰਪੰਚਾਂ ਨੂੰ ਬਲਾਕ ਪੇਂਡੂ ਵਿਕਾਸ ਅਫਸਰ ਦੇ ਦਫਤਰ ਵਿਚ ਤਲਬ ਕਰ ਕੇ ਇਹ ਧਮਕੀ ਦਿੱਤੀ ਗਈ ਹੈ ਕਿ ਜੇਕਰ ਆਪ ਉਮੀਦਵਾਰ ਦੀ ਉਹਨਾਂ ਦੇ ਪਿੰਡਾਂ ਵਿਚੋਂ ਲੀਡ ਨਾ ਨਿਕਲੀ ਤਾਂ ਉਹਨਾਂ ਖਿਲਾਫ ਕੇਸ ਖੋਲ੍ਹ ਦਿੱਤੇ ਜਾਣਗੇ ਤੇ ਉਹਨਾਂ ਨੂੰ ਫੌਜਦਾਰੀ ਕਾਰਵਾਈ ਦਾ ਸਾਹ-ਮਣਾ ਕਰਨਾ ਪਵੇਗਾ।

## ਭਾਰਤ ਪਾਕਿਸਤਾਨ ਸਰਹੱਦ ਤੇ ਅੱਜ ਫੇਰ ਹੈਰੋਇਨ ਬਰਾਮਦ ਹੋਈ

**ਅਮ੍ਰਿਤਸਰ/ ਵਿਰਦੀ**

ਕੌਮਾਂਤਰੀ ਅਟਾਰੀ ਸਰਹੱਦ ਤੇ ਤਾਇਨਾਤ ਬੀ.ਐੱਸ.ਐਫ. ਦੀ 144 ਬਟਾਲੀਅਨ ਨੂੰ ਭਾਰਤ-ਪਾਕਿਸਤਾਨ ਸਰਹੱਦ ’ਤੇ ਸਥਿਤ ਬੀ.ਓ.ਪੀ. ਧਨੋਆ ਕਲਾਂ ਦੇ ਇਲਾਕੇ ਵਿਚੋਂ ਇਕ ਪੈਕਟ ਹੈਰੋਇਨ ਦਾ ਮਿਲਿਆ, ਉਸ ਨੂੰ ਖੋਲ੍ਹਣ ’ਤੇ 2 ਪੈਕਟ ਬਰਾਮਦ ਹੋਏ । ਜਿਨ੍ਹਾਂ ਦਾ ਵਜ਼ਨ ਕਰਨ ’ਤੇ ਉਸ ਵਿਚੋਂ 2 ਕਿੱਲੋ ਹੈਰੋਇਨ ਮਿਲੀ ਹੈ । ਪਾਕਿਸਤਾਨੀ ਸਮੱਗਲਰਾਂ ਵਲੋਂ ਹੈਰੋਇਨ ਨੂੰ ਡਰੋਨ ਰਾਹੀਂ ਭਾਰਤ ਭੇਜਿਆ ਗਿਆ ਸੀ ।


JSDC GROUP

ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ®

82880 21797
82880 21798

178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ

ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018

WWW.JSDCGROUP.COM

ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ

JSDC GROUP - INDIA

ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਡਾ: ਮਨਜੀਤ ਸਿੰਘ ਮਝੈਲ ਜੀ ਦਾ ਪਲੇਠਾ ਕਾਵਿ ਸੰਗ੍ਰਹਿ ਲੋਕ ਅਰਪਣ







ਸਾਹਿਤ ਵਿਗਿਆਨ ਕੇਂਦਰ ਦੀ ਵਿਸ਼ੇਸ਼ ਇਕੱਤਰਤਾ ਪੰਜਾਬ ਕਲਾ ਭਵਨ ਚੰਡੀਗੜ੍ਹ ਵਿਖੇ ਹੋਈ ਜਿਸ ਵਿਚ ਦੀ ਪ੍ਰਧਾਨਗੀ ਜਸਟਿਸ ਜੇ, ਐਸ ,ਖੁਸ਼ਦਿਲ ਨੇ ਕੀਤੀ ਅਤੇ ਡਾ: ਦਵਿੰਦਰ ਬੋਹਾ ਜੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਡਾ: ਮਨਜੀਤ ਸਿੰਘ ਮਝੈਲ ਜੀ ਦੇ ਕਾਵਿ ਸੰਗ੍ਰਹਿ " ਖੁਆਬਾਂ ਦੀ ਕਾਨਸ" ਦਾ ਲੋਕ ਅਰਪਣ ਅਤੇ ਵਿਚਾਰ ਚਰਚਾ ਕੀਤੀ ਗਈ । ਪਹਿਲਾਂ ਦੋ ਮਿੰਟ ਦਾ ਮੋਨ ਧਾਰ ਕੇ ਅਤਿਵਾਦੀ ਹਮਲੇ ਵਿਚ ਮਾਰੇ ਗਏ ਸੈਨਿਕਾਂ ਨੂੰ , ਵਿਦਵਾਨ ਲੇਖਕ ਡਾ: ਸੁਰਜੀਤ ਲੀ, ਵਧੀਆ ਗੀਤਕਾਰ ਜਿੰਦ ਸਵਾੜਾ ਅਤੇ ਮੋਹਾਲੀ ਦੇ ਕਵੀ, ਰਾਜ ਜਖਮੀ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮਝੈਲ ਜੀ ਦੀ ਕਿਤਾਬ ਵਿਚੋਂ ਦਵਿੰਦਰ ਕੌਰ ਢਿੱਲੋਂ ਅਤੇ ਫਿਰ ਭੁਪਿੰਦਰ ਮਟੌਰੀਆ ਜੀ ਨੇ ਗੀਤ ਗਾਏ। ਸਵਰਨ ਸਿੰਘ ਅਤੇ ਜੁਧਵੀਰ ਸਿੰਘ ਜੀ ਨੇ " ਕਣਕਾਂ ਦਾ ਗੀਤ" ਪੇਸ਼ ਕੀਤਾ ।ਪ੍ਰਧਾਨਗੀ ਮੰਡਲ ਵਲੋਂ ਕਿਤਾਬ ਨੂੰ ਲੋਕ-ਅਰਪਣ ਕੀਤਾ ਗਿਆ। ਸਤਬੀਰ ਕੌਰ ਜੀ ਨੇ ਪਰਚਾ ਪੜ੍ਹਦਿਆਂ ਕਿਹਾ ਕਿ ਇਸ ਵਿਚ ਭਖਦੇ ਹੋਏ ਸਮਾਜਿਕ ਵਿਸ਼ੇ ਲਏ ਗਏ ਹਨ ਜਿਨ੍ਹਾਂ ਬਾਰੇ ਬੜਾ ਰੌਚਿਕ ਅਤੇ ਵਿਸਥਾਰ ਨਾਲ ਲਿਖਿਆ ਹੈ। ਇਸ ਵਿਚ ਬਹੁਤ ਸਾਰੇ ਪੁਰਾਤਨ ਸ਼ਬਦ ਵਰਤੇ ਹਨ ਜੋ ਅਸੀਂ ਭੁੱਲ ਬੈਠੇ ਹਾਂ ।ਡਾ: ਪਤੰਗ ਜੀ ਨੇ ਕਿਹਾ ਕਿ ਮਝੈਲ ਜੀ ਦੇ ਸ਼ਬਦ ਅਤੇ ਵਿਸ਼ੇ ਕਮਾਲ ਦੇ ਹਨ ਜੋ ਸੰਵੇਦਨਸ਼ੀਲ ਪਾਠਕ ਨੂੰ ਕੀਲ ਲੈਂਦੇ ਹਨ। ਸੇਵੀ ਰਾਇਤ, ਗੁਰਦਰਸ਼ਨ ਸਿੰਘ ਮਾਵੀ ਨੇ ਵੀ ਕਿਤਾਬ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਲੇਖਕ ਮਝੈਲ ਜੀ ਨੇ ਦਸਿਆ ਕਿ ਕਵਿਤਾਵਾਂ ਲਿਖ ਲਿਖ ਕੇ ਰੱਖੀਆਂ ਪਈਆਂ ਸਨ ਤੇ ਕਸ਼ਮੀਰ ਸਿੰਘ ਪੰਨੂੰ ਜੀ ਦੇ ਕਹਿਣ ਤੇ ਕਿਤਾਬ ਛਪਾਉਣ ਦਾ ਮਨ ਬਣਿਆ। ਘਰੋਂ ਸਹਿਯੋਗ ਮਿਲਣ ਕਰਕੇ ਛੇਤੀ ਹੀ ਕਿਤਾਬ ਛਪ ਗਈ। ਦਵਿੰਦਰ ਬੋਹਾ ਜੀ ਨੇ ਦੱਸਿਆ ਕਿ ਪਹਿਲੀ ਕਿਤਾਬ ਹੋਣ ਦੇ ਬਾਵਜੂਦ ਪੜ੍ਹਨ ਯੋਗ ਹੈ। ਕਵਿਤਾਵਾਂ ਲੰਬੀਆਂ ਪਰ ਰੌਚਿਕ ਹਨ। ਖੁਸ਼ਦਿਲ ਜੀ ਨੇ ਕਿਹਾ ਕਿ ਜਿਥੇ ਕਿਤਾਬਾਂ ਪੜ੍ਹੀਆਂ ਜਾਦੀਆਂ ਹੋਣ ਉਹ ਕੌਮ ਜਾਂ ਦੇਸ਼ ਹਮੇਸ਼ਾ ਅੱਗੇ ਰਹਿੰਦਾ ਹੈ। ਕਵਿਤਾ ਜੇ ਛੰਦ-ਬਧ ਹੋਵੇ ਤਾਂ ਗਾਈ ਵੀ ਜਾ ਸਕਦੀ ਹੈ। ਉਹਨਾਂ ਗਜ਼ਲ ਲਿਖਣ ਬਾਰੇ ਜਾਣਕਾਰੀ ਸਾਂਝੀ ਕੀਤੀ। ਜਗਤਾਰ ਜੋਗ, ਦਰਸ਼ਨ ਤਿਊਣਾ ਅਤੇ ਨਵਨੀਤ ਮਠਾੜੂ ਨੇ ਵੀ ਆਪਣੇ ਗੀਤ ਸੁਣਾਏ। ਸਟੇਜ ਦੀ ਕਾਰਵਾਈ ਨੂੰ ਗੁਰਦਰਸ਼ਨ ਸਿੰਘ ਮਾਵੀ ਜੀ ਨੇ ਬੜੇ ਸੁਚੱਜੇ ਢੰਗ ਨਾਲ਼ ਚਲਾਇਆ। ਅਖੀਰ ਵਿਚ ਡ: ਪਤੰਗ ਜੀ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਚੰਡੀਗੜ੍ਹ ਤੋਂ ਇਲਾਵਾ ਮੋਹਾਲੀ, ਖਰੜ,ਪੰਚਕੂਲਾ ,ਰਾਜਪੁਰਾ ਅਤੇ ਕੁਰਾਲੀ ਤੋਂ ਵੀ ਲੇਖਕ,ਕਵੀ,ਬੁਧੀਜੀਵੀ ਅਤੇ ਸਾਹਿਤ ਪ੍ਰੇਮੀ ਬਹੌ-ਗਿਣਤੀ ਵਿਚ ਹਾਜਰ ਸਨ।

# ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪੱਤਰਕਾਰ ਜਗਤਾਰ ਸਿੰਘ ਭੁੱਲਰ ਦੀ ਚੌਥੀ ਕਿਤਾਬ "ਖ਼ਾਕੀ, ਖਾੜਕੂ ਤੇ ਕਲਮ" ਰਿਲੀਜ਼

## *ਕਿਹਾ, ਕਾਨੂੰਨ ਦੇ ਰਾਜ ਵਿੱਚ ਹੀ ਲੋਕਾਂ ਦੀ ਭਲਾਈ ਯਕੀਨੀ, "ਅਖੌਤੀ ਨਿਆਂ" ਹਮੇਸ਼ਾ ਮਾਰੂ ਹੁੰਦੈ*



**ਚੰਡੀਗੜ੍ਹ (ਲੋਕ ਬਾਣੀ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਸੀਨੀਅਰ ਪੱਤਰਕਾਰ ਅਤੇ ਲੇਖਕ ਜਗਤਾਰ ਸਿੰਘ ਭੁੱਲਰ ਦੀ ਪੰਜਾਬ ਦੇ ਸਾਲ 1978 ਤੋਂ 1995 ਦੇ ਚੁਣੌਤੀਆਂ ਭਰੇ ਦੌਰ, ਤਤਕਾਲੀ ਪੱਤਰਕਾਰੀ ਤੇ ਪੱਤਰਕਾਰਾਂ ਵੱਲੋਂ ਆਪਣੀ ਡਿਊਟੀ ਨਿਭਾਉਂਦਿਆਂ ਹੰਢਾਈਆਂ ਦੁਸ਼ਵਾਰੀਆਂ ਨੂੰ ਦਰਸਾਉਂਦੀ ਨਵੀਂ ਕਿਤਾਬ "ਖ਼ਾਕੀ, ਖਾੜਕੂ ਤੇ ਕਲਮ" ਰਿਲੀਜ਼ ਕੀਤੀ। ਪ੍ਰੈਸ ਕਲੱਬ ਚੰਡੀਗੜ੍ਹ ਵਿਖੇ ਸੰਖੇਪ ਪ੍ਰੋਗਰਾਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੱਤਰਕਾਰ ਤੇ ਲੇਖਕ ਸਮਾਜ ਦਾ ਧੁਰਾ ਹੁੰਦੇ ਹਨ ਅਤੇ ਉਨ੍ਹਾਂ ਨੇ ਆਪਣੀ ਕਲਮ ਨਾਲ ਲੋਕਾਂ ਨੂੰ ਜਗਾਉਣਾ ਹੁੰਦਾ ਹੈ। ਕਿਤਾਬ ਵਿੱਚ ਬੀਤੇ ਦਹਾਕਿਆਂ ਦੌਰਾਨ ਪੱਤਰਕਾਰਾਂ ਦੀਆਂ ਹੱਡ-ਬੀਤੀਆਂ ਦੇ ਹਵਾਲੇ ਨਾਲ ਅਤੇ ਉਤਰ ਪ੍ਰਦੇਸ਼ ਵਿੱਚ ਵਾਪਰ ਰਹੀਆਂ ਹਾਲੀਆ ਘਟਨਾਵਾਂ ਦੇ ਸੰਦਰਭ ਵਿੱਚ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕਾਨੂੰਨ ਦਾ ਰਾਜ ਹੀ ਲੋਕਾਂ ਦੀ ਭਲਾਈ ਯਕੀਨੀ ਬਣਾ ਸਕਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ "ਅਖੌਤੀ ਨਿਆਂ" ਹਮੇਸ਼ਾ ਕੌਮਾਂ ਅਤੇ ਦੇਸ਼ ਲਈ ਮਾਰੂ ਹੁੰਦਾ ਹੈ। ਆਪਣੇ ਸੰਬੋਧਨ ਦੌਰਾਨ ਸ੍ਰੀ ਮਨਜੀਤ ਸਿੰਘ ਸਿੱਧੂ, ਓ.ਐਸ.ਡੀ/ਮੁੱਖ ਮੰਤਰੀ ਪੰਜਾਬ ਨੇ ਜਗਤਾਰ ਸਿੰਘ ਭੁੱਲਰ ਦੇ ਨਾਲ ਪੱਤਰਕਾਰੀ ਦੇ ਸ਼ੁਰੂਆਤੀ ਸਮੇਂ ਦੇ ਆਪਣੇ ਸਫ਼ਰ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਉਨ੍ਹਾਂ ਪੱਤਰਕਾਰਾਂ ਦੀਆਂ ਹੱਡ-ਬੀਤੀਆਂ ਨੂੰ ਕਿਤਾਬੀ ਰੂਪ ਦੇਣ ਦੇ ਕਾਰਜ ਦੀ ਸ਼ਲਾਘਾ ਕਰਦਿਆਂ ਲੇਖਕ ਨੂੰ ਵਧਾਈ ਦਿੱਤੀ। ਇਸ ਮੌਕੇ ਲੇਖਕ ਸ੍ਰੀ ਜਗਤਾਰ ਸਿੰਘ ਭੁੱਲਰ ਨੇ ਦੱਸਿਆ ਕਿ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਪੱਤਰਕਾਰੀ ਦੇ ਦਰਦ ਨੂੰ ਸਮਝਣ ਦੀ ਲੋੜ ਦੇ ਮੱਦੇਨਜ਼ਰ ਉਨ੍ਹਾਂ ਨੂੰ ਇਹ ਕਿਤਾਬ ਲਿਖਣ ਦੀ ਪ੍ਰੇਰਣਾ ਮਿਲੀ। ਉਨ੍ਹਾਂ ਦੱਸਿਆ ਕਿ ਇਸ ਕਿਤਾਬ ਰਾਹੀਂ ਉਨ੍ਹਾਂ ਨੇ ਸਾਲ 1978 ਤੋਂ 1995 ਦਰਮਿਆਨ ਵੱਖ-ਵੱਖ ਅਖ਼ਬਾਰਾਂ ਜ਼ਰੀਏ ਸੂਬੇ ਨੂੰ ਕਵਰ ਕਰਦੇ ਕਰੀਬ 25 ਪੱਤਰਕਾਰਾਂ ਦੀ ਜ਼ਿੰਦਗੀ, ਉਨ੍ਹਾਂ ਵੱਲੋਂ ਬੇਬਾਕੀ ਨਾਲ ਨਿਭਾਈ ਡਿਊਟੀ, ਦੋ ਧਿਰਾਂ ਦੇ ਦਬਾਅ ਦਰਮਿਆਨ ਆਪਣੇ ਫ਼ਰਜ਼ ਦਾ ਨਿਰਬਾਹ, ਹਕੂਮਤੀ ਰਵੱਈਏ, ਪੁਲਿਸ ਵੱਲੋਂ ਨਿਭਾਈ ਜਾਂਦੀ ਭੂਮਿਕਾ ਦਾ ਵਰਨਣ ਕੀਤਾ ਹੈ। ਇਸ ਤੋਂ ਪਹਿਲਾਂ ਜਗਤਾਰ ਸਿੰਘ ਭੁੱਲਰ "ਦਹਿਸ਼ਤ ਦੇ ਪਰਛਾਵੇਂ" (2010), "ਪ੍ਰੈਸ ਰੂਮ" (2019) ਅਤੇ "ਪੰਜਾਬ ਸਿਹਾਂ ਮੈਂ ਚੰਡੀਗੜ੍ਹ ਬੋਲਦਾਂ" (2021) ਦਰਸ਼ਕਾਂ ਦੀ ਝੋਲੀ ਪਾ ਚੁੱਕੇ ਹਨ।

ਸਮਾਗਮ ਨੂੰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਪੰਜਾਬੀ ਯੂਨੀਵਰਸਿਟੀ ਦੇ ਵਰਲਡ ਪੰਜਾਬੀ ਸੈਂਟਰ ਦੇ ਸਾਬਕਾ ਡਾਇਰੈਕਟਰ ਡਾ. ਦੀਪਕ ਮਨਮੋਹਨ ਸਿੰਘ ਅਤੇ ਸੀਨੀਅਰ ਪੱਤਰਕਾਰ ਸ੍ਰੀ ਰਮੇਸ਼ ਵਿਨਾਇਕ, ਸ੍ਰੀ ਜਗਤਾਰ ਸਿੰਘ ਸੀਨੀਅਰ, ਸ੍ਰੀ ਬਲਜੀਤ ਬੱਲੀ, ਸ੍ਰੀ ਸਰਬਜੀਤ ਪੰਧੇਰ, ਸ੍ਰੀ ਦੀਪਕ ਸ਼ਰਮਾ ਚਨਾਰਥਲ ਅਤੇ ਸ੍ਰੀ ਜੈ ਸਿੰਘ ਛਿੱਬਰ ਨੇ ਵੀ ਸੰਬੋਧਨ ਕੀਤਾ।



# ਕੇਵਲ ਰਾਜ ਬਣੇ ਸ਼ਹੀਦ ਭਗਤ ਸਿੰਘ ਵੈਲਫੇਅਰ ਦੀਨਾਨਗਰ ਦੇ ਵਾਇਸ ਪ੍ਰਧਾਨ



**ਦੀਨਾਨਗਰ (ਡਾ.ਰਮੇਸ਼ ਸਰੰਗਲ )** ਅੱਜ ਸ਼ਹੀਦ ਭਗਤ ਸਿੰਘ ਵੈਲਫੇਅਰ ਦੀਨਾਨਗਰ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਰਮੇਸ਼ ਪਾਲ ਦੀ ਅਗਵਾਈ ਹੇਠ ਸੁਸਾਇਟੀ ਦੇ ਦਫ਼ਤਰ ਪਿੰਡ ਦਬੁਰਜੀ ਸ਼ਾਮ ਸਿੰਘ ਵਿੱਚ ਹੋਈ । ਮੀਟਿੰਗ ਵਿੱਚ ਸਰਵਸੰਮਤੀ ਨਾਲ ਮਤਾ ਪਾਸ ਕਰਕੇ ਸ਼੍ਰੀ ਕੇਵਲ ਰਾਜ ਨੂੰ ਸੁਸਾਇਟੀ ਦਾ ਵਾਇਸ ਪ੍ਰਧਾਨ ਨਿਯੁਕਤ ਕੀਤਾ ਗਿਆ । ਇਸ ਮੌਕੇ ਰਮਨ ਕੁਮਾਰ, ਡਿੰਪਲ ਕੁਮਾਰ, ਕਿਰਪਾਲ ਸਿੰਘ, ਅਨਿਲ ਕੁਮਾਰ, ਹਰਜਿੰਦਰ ਕੁਮਾਰ, ਸੁਰਜੀਤ ਕੁਮਾਰ, ਮਨਜੀਤ ਕੁਮਾਰ, ਦਰਸ਼ਨ ਕੁਮਾਰ, ਮੁਨੀਸ਼ ਕੁਮਾਰ, ਦਲਵੀਰ ਚੰਦ, ਘਸੀਟਾਰਾਮ, ਜੀਵਨ ਕੁਮਾਰ, ਤੀਰਥ ਰਾਜ, ਸੰਨੀ, ਸੁਨੀਲ ਕੁਮਾਰ, ਰਮੇਸ਼ ਚੰਦਰ,ਅਸ਼ਵਨੀ ਕੁਮਾਰ ਆਦਿ ਹਾਜ਼ਰ ਸਨ ।



ਸਟੂਡੈਂਟਸ ਵੈਲਫੇਅਰ ਸੁਸਾਇਟੀ ਵੱਲੋਂ ਗੁਰੂ ਰਵਿਦਾਸ ਗੁਰਦੁਆਰਾ ਕਾਰਾਬਾਰਾ ਵਿਖੇ ਅੱਖਾਂ ਦਾ ਫਰੀ ਚੈਕਅੱਪ ਕੈਂਪ ਲਗਾਇਆ ਗਿਆ ਜਿਸ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਮਨਪ੍ਰੀਤ ਗਰੇਵਾਲ, ਵਿੱਕੀ ਸੇਖੋਂ, ਮੋਹਿਤ ਰਾਮਪਾਲ, ਹੰਸਰਾਜ, ਨਿਖਿਲ ਖੋਸਲਾ, ਅਸ਼ੋਕ ਪੋਪਲੀ, ਸੌਰਵ ਪਾਸੀ ਮੂੰਨਾ, ਕੁਲਦੀਪ ਸ਼ਰਮਾ, ਅਗੁਲ ਮਾਥੁਰ ਅੱਤੇ ਹੋਰ ਵੀ ਕਈ ਮੌਜੂਦ ਸਨ। **ਫੋਟੋ ਤੇ ਵੇਰਵਾ :- ਸੁਖਚੈਨ ਮਹਿਰਾ**

# ਮਲਿਕ ਦੇ ਹੱਕ 'ਚ ਖਾਪਾਂ ਦਾ ਸਮਾਗਮ ਪੁਲੀਸ ਨੇ ਰੁਕਵਾਇਆ

**ਨਵੀਂ ਦਿੱਲੀ।** ਦਿੱਲੀ, ਹਰਿਆਣਾ, ਉੱਤਰ ਪ੍ਰਦੇਸ਼, ਉੱਤਰਾਂਚਲ ਤੇ ਰਾਜਸਥਾਨ ਸਮੇਤ ਹੋਰ ਕਈ ਰਾਜਾਂ ਦੀਆਂ 36 ਖਾਪਾਂ ਦੇ ਨੁਮਾਇੰਦੇ ਅੱਜ ਦਿੱਲੀ ਵਿੱਚ ਜੰਮੂ ਤੇ ਕਸ਼ਮੀਰ ਦੇ ਸਾਬਕਾ ਰਾਜਪਾਲ ਸੱਤਿਆਪਾਲ ਮਲਿਕ ਦੇ ਹੱਕ ਵਿੱਚ ਮੀਟਿੰਗ 'ਚ ਇਕੱਠੇ ਹੋਏ ਪਰ ਪੁਲੀਸ ਨੇ ਉਨ੍ਹਾਂ ਨੂੰ ਮੀਟਿੰਗ ਨਾ ਕਰਨ ਦਿੱਤੀ। ਦਿੱਲੀ ਪੁਲੀਸ ਨੇ ਇਕੱਠ ਲਈ ਲੋੜੀਂਦੀ ਪ੍ਰਵਾਨਵੀ ਨਾ ਲਏ ਜਾਣ ਦਾ ਦਾਅਵਾ ਕਰਦਿਆਂ ਆਰਕੇ ਪੁਰਮ ਦੇ ਸੋਮ ਵਿਹਾਰ 'ਚ ਲੱਗੇ ਟੈਂਟ ਉਖਾੜ ਦਿੱਤੇ ਤੇ ਕੁਰਸੀਆਂ ਚੁੱਕ ਦਿੱਤੀਆਂ। ਕਿਸਾਨ ਆਗੂਆਂ ਮੁਤਾਬਕ ਸਾਬਕਾ ਰਾਜਪਾਲ ਸੱਤਿਆਪਾਲ ਮਲਿਕ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਸੀ ਜਿਸ ਨੂੰ ਪੁਲੀਸ ਨੇ ਰੱਦ ਕਰ ਦਿੱਤਾ ਹੈ।

# ਐਤਵਾਰ ਸ਼ਾਮ ਤੱਕ 118851 ਮੀਟ੍ਰਿਕ ਟਨ ਖਰੀਦ ਕੀਤੀ ਗਈ

**ਸਹੀਦ ਭਗਤ ਸਿੰਘ ਨਗਰ (ਗੁਰਪ੍ਰੀਤ ਵਾਸ)** ਚਾਲੂ ਰੱਬੀ ਖਰੀਦ ਸੀਜ਼ਨ ਦੌਰਾਨ ਵੱਖ ਵੱਖ ਖਰੀਦ ਏਜੰਸੀਆਂ ਵੱਲੋਂ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀਆਂ ਦਾਣਾ ਮੰਡੀਆਂ ਵਿਚ ਐਤਵਾਰ ਸ਼ਾਮ ਤਕ 118851 ਮੀਟ੍ਰਿਕ ਟਨ ਖਰੀਦੀ ਗਈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦਾ ਖਰੀਦ ਸੀਜ਼ਨ ਨਿਰਵਿਘਨ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੀ ਖਰੀਦ ਲਈ 30 ਖਰੀਦ ਕੇਂਦਰ ਸਥਾਪਿਤ ਕੀਤੇ ਗਏ ਹਨ, ਜਿੱਥੇ ਮਾਰਕਫੈਡ ਪਨਗ੍ਰੇਨ, ਪੰਜਾਬ ਰਾਜ ਗੁਦਾਮ ਨਿਗਮ, ਪਨਸਪ ਅਤੇ ਭਾਰਤੀ ਖੁਰਾਕ ਨਿਗਮ ਵੱਲੋਂ ਖਰੀਦ ਕੀਤੀ ਜਾ ਰਹੀ ਹੈ। ਡਿਪਟੀ ਕਮਿ-ਸ਼ਨਰ ਨੇ ਅੱਗੇ ਦੱਸਿਆ ਕਿ ਐਤਵਾਰ ਸ਼ਾਮ ਤੱਕ ਕਿਸਾਨਾਂ ਦੇ ਖਾਤਿਆਂ ਵਿੱਚ 206 ਕਰੋੜ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਉਨਾਂ ਦੱਸਿਆ ਕਿ ਜ਼ਿਲ੍ਹੇ ਵਿਚ ਖਰੀਦ ਕਾਰਜਾਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲਿਫਟਿੰਗ ਤੇਜ਼ ਕਰਵਾ ਦਿੱਤੀ ਗਈ ਹੈ। ਐਤਵਾਰ ਸ਼ਾਮ ਤਕ 43115 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ। ਇਕੱਲੇ ਐਤਵਾਰ 10 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕੀਤੀ ਗਈ।

# ਆਸ਼ਾ ਵਰਕਰ ਯੂਨੀਅਨ ਪੰਜੋਲਾ ਗਰੁੱਪ ਪੰਜਾਬ ਦੀ ਮੀਟਿੰਗ ਹੋਈ



**ਲੁਧਿਆਣਾ (ਸੁਖਚੈਨ ਮਹਿਰਾ,ਵਰਿੰਦਰ ਪ੍ਰਕਾਸ਼ ਭਾਂਬਰੀ)** ਆਸ਼ਾ ਵਰਕਰ ਯੂਨੀਅਨ ਪੰਜੋਲਾ ਗਰੁੱਪ ਪੰਜਾਬ ਵੱਲੋਂ ਲੁਧਿਆਣਾ ਸ਼ਹਿਰੀ ਦੀ ਮੀਟਿੰਗ ਆਤਮ ਪਾਰਕ ਵਿੱਚ ਸੂਬਾ ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸ਼ਹਿਰ ਦੀ ਯੂਨੀਅਨ ਦੇ ਨੀਤੂ ਬਾਲਾ ਮੀਤ ਪ੍ਰਧਾਨ, ਕਮਲਜੀਤ ਕੌਰ ਵਿੱਤ ਸਕੱਤਰ, ਹਰਪ੍ਰੀਤ ਕੌਰ ਜਰਨਲ ਸਕੱਤਰ ਹਰਦੀਪ ਕੌਰ ਮਲੇਰਕੋਟਲਾ ਬਬਲੀ, ਰੀਤੂ, ਪਰਿੰਅਕਾ, ਅਨੀਤਾ, ਰਾਜਵੰਤ,ਇੰਦੂ ਹਰਦੀਪ, ਪੂਜਾ, ਕੁਸਮ, ਰੀਤਿਕਾ, ਅਨੂੰ,ਪਿੰਕੀ ਮਨਦੀਪ, ਰਣਜੀਤ, ਪਰੀਤੀ ਰੀਨਾ ਪ੍ਰਿਆ, ਅਮਰਜੀਤ, ਨਵਦੀਪ, ਅਤੇ ਸ਼ਹਿਰ ਲੁਧਿਆਣਾ ਦੀਆਂ ਲੱਗਭਗ 250 ਆਸ਼ਾ ਵਰਕਰਾਂ ਅਤੇ ਫੈਸਲਟੀਟੇਟਰ ਨੇ ਹਿੱਸਾ ਲਿਆ, ਇਸ ਮੀਟਿੰਗ ਵਿਚ ਆਸ਼ਾ ਵਰਕਰਾਂ ਦੀਆਂ ਮੰਗਾਂ ਅਤੇ 1 ਮਈ 2023 ਨੂੰ ਜਲੰਧਰ ਵਿਖੇ ਹੋਣ ਵਾਲੇ ਧਰਨੇ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ । ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਨੇ ਇਹ ਵੀ ਦੱਸਿਆ ਕਿ 1 ਮਈ ਦੇ ਹੋਣ ਵਾਲੇ ਧਰਨੇ ਬਾਰੇ ਸੁਣਕੇ ਪੰਜਾਬ ਸਰਕਾਰ ਨੇ ਆਸ਼ਾ ਵਰਕਰਾਂ ਅਤੇ ਫੈਸਲਟੀਟੇਟਰਾਂ ਦੀਆਂ ਮੰਗਾਂ ਤੇ ਵਿਚਾਰ ਕਰਨ ਲਈ ਪੰਜੋਲਾ ਗਰੁੱਪ ਨੂੰ ਮਿਤੀ 24/4/2023 ਸਮਾਂ ਦੇ ਦਿੱਤਾ ਹੈ, ਅਗਰ ਸਰਕਾਰ ਉਸ ਦਿਨ ਮੀਟਿੰਗ ਵਿੱਚ ਸਾਡੀਆਂ ਮੰਗਾਂ ਮੰਨ ਲੈਂਦੀ ਹੈ ਤਾਂ ਠੀਕ ਹੈ ਨਹੀਂ ਤਾਂ ਵੱਧ ਤੋਂ ਵੱਧ ਵਰਕਰਾਂ 1 ਮਈ ਦੇ ਧਰਨੇ ਵਿਚ ਪਹੁੰਚ ਕੇ ਸਰਕਾਰ ਦੇ ਖਿਲਾਫ਼ ਇਕੱਠ ਕੀਤਾ ਜਾਵੇ। ਇਸਤੋਂ ਇਲਾਵਾ ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਨੇ ਮੀਟਿੰਗ ਵਿੱਚ ਹਾਜ਼ਰ ਵਰਕਰਾਂ ਦਾ ਬਹੁਤ ਬਹੁਤ ਧੰਨਵਾਦ ਕੀਤਾ।

DIPS
INSTITUTIONS
CHAIN OF DIPS INSTITUTIONS
KNOWLEDGE IS POWER
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
CONTACT : 95010-00697 , 97806-00998

# ਸਿਹਤ ਸਥਿਤੀ ਦੇ ਮੁਲਾਂਕਣ ਤੋਂ ਬਿਨਾਂ ਜਿੰਮਿੰਗ ਘਾਤਕ ਸਾਬਤ ਹੋ ਸਕਦੀ ਹੈ: ਮਾਹਰ



**ਮੋਹਾਲੀ (ਲੋਕ ਬਾਣੀ)** ਸਿਹਤ ਸਥਿਤੀ ਦੇ ਮੁਲਾਂਕਣ ਤੋਂ ਬਿਨਾਂ ਜਿਮ ਵਿਚ ਬਹੁਤ ਜ਼ਿਆਦਾ ਸਰੀਰਕ ਗਤੀਵਿਧੀਆਂ ਘਾਤਕ ਸਿੱਧ ਹੋ ਸਕਦੀਆਂ ਹਨ।

ਡਾ: ਦੀਪਕ ਪੁਰੀ, ਡਾਇਰੈਕਟਰ ਕਾਰਡੀਓਵੈਸਕੁਲਰ, ਮੈਕਸ ਹਸਪਤਾਲ ਮੋਹਾਲੀ ਦੱਸਦੇ ਹਨ ਕਿ ਸਿਹਤਮੰਦ ਫਿੱਟ ਦਿੱਖਣ ਲਈ ਖੁਰਾਕ ਦੀ ਅੰਨ੍ਹੇਵਾਹ ਵਰਤੋਂ ਨੇ ਸਾਡੀਆਂ ਕਾਰਡੀਓਵੈਸਕੁਲਰ ਪੇਚੀਦਗੀਆਂ ਨੂੰ ਚਿੰਤਾਜਨਕ ਦਰ ਨਾਲ ਵਧਾ ਦਿੱਤਾ ਹੈ। ਡਾ: ਪੁਰੀ ਨੇ ਕਿਹਾ ਕਿ ਲੋਕਾਂ ਨੂੰ ਜਿੰਮ ਜਾਣ ਤੋਂ ਪਹਿਲਾਂ ਆਪਣੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ। ਬਲੱਡ ਪ੍ਰੈਸ਼ਰ ਕਿੰਨਾ ਰਹਿੰਦਾ ਹੈ, ਜਿਮ ਜਾਣ ਤੋਂ ਪਹਿਲਾਂ ਇਸ ਦੀ ਜਾਂਚ ਕਰ ਲੈਣੀ ਚਾਹੀਦੀ ਹੈ। ਜੇਕਰ ਬਲੱਡ ਪ੍ਰੈਸ਼ਰ ਦਾ ਮਰੀਜ਼ ਜਿਮ ਵਿਚ ਜ਼ਿਆਦਾ ਵਰਕਆਊਟ ਕਰਦਾ ਹੈ ਤਾਂ ਉਸ ਦਾ ਬੀਪੀ ਹੋਰ ਵਧ ਜਾਵੇਗਾ। ਇਸ ਦੇ ਨਾਲ ਹੀ ਖੁਰਾਕ ਦਾ ਧਿਆਨ ਰੱਖਣਾ ਵੀ ਬਹੁਤ ਜ਼ਰੂਰੀ ਹੈ। ਜੇਕਰ ਕਿਸੇ ਵਿਅਕਤੀ ਨੂੰ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦੀ ਸ਼ਿਕਾਇਤ ਹੈ ਤਾਂ ਉਸ ਨੂੰ ਦੌੜਨ ਨਾਲ ਦਿਲ ਦੇ ਦੌਰੇ ਦਾ ਖ਼ਤਰਾ ਵੱਧ ਜਾਂਦਾ ਹੈ। ਜੇਕਰ ਵਿਅਕਤੀ ਨੂੰ ਅਸਾਧਾਰਣ ਤਣਾਅ ਅਤੇ ਨੀਂਦ ਦੀ ਸਮੱਸਿਆ ਹੈ ਤਾਂ ਇਸ ਮਾਮਲੇ 'ਚ ਜ਼ਿਆਦਾ ਧਿਆਨ ਰੱਖਣਾ ਚਾਹੀਦਾ ਹੈ। ਇਸ ਨਾਲ ਦਿਲ ਦੇ ਦੌਰੇ ਦਾ ਖ਼ਤਰਾ ਵਧ ਸਕਦਾ ਹੈ। ਮਾਨਸਿਕ ਤਣਾਅ ਵੀ ਦਿਲ ਦੇ ਦੌਰੇ ਦਾ ਕਾਰਨ ਹੋ ਸਕਦਾ ਹੈ। ਉਨ੍ਹਾਂ ਤਣਾਅ ਤੋਂ ਬਚਣ ਲਈ ਰੋਜ਼ਾਨਾ ਜੀਵਨ ਵਿੱਚ ਤਣਾਅ ਮੁਕਤ ਤਕਨੀਕਾਂ ਦੀ ਮਹੱਤਤਾ ਬਾਰੇ ਦੱਸਿਆ। ਨਿਯਮਿਤ ਸਰੀਰਕ ਗਤੀਵਿਧੀਆਂ ਜਿਵੇਂ ਯੋਗਾ, ਪਾਰਕ ਵਿੱਚ ਤੇਜ਼ ਸੈਰ, ਤੈਰਾਕੀ, ਐਰੋਬਿਕਸ ਜਾਂ ਗਾਉਣ ਦੇ ਨਾਲ-ਨਾਲ ਡਾਂਸ ਕੁਝ ਅਜਿਹੀਆਂ ਗਤੀਵਿਧੀਆਂ ਹਨ ਜੋ ਨਾ ਸਿਰਫ ਤਣਾਅ ਨੂੰ ਘਟਾਉਣ ਵਿੱਚ ਮਦਦ ਕਰਦੀਆਂ ਹਨ ਬਲਕਿ ਵਾਧੂ ਕੈਲੋਰੀਆਂ ਨੂੰ ਵੀ ਬਰਨ ਕਰਦੀਆਂ ਹਨ, ਸਰੀਰ ਨੂੰ ਮੁੜ ਊਰਜਾ ਦਿੰਦੀਆਂ ਹਨ ਅਤੇ ਪ੍ਰਤੀਰੋਧਕ ਸ਼ਕਤੀ ਨੂੰ ਸੁਧਾਰਦੀਆਂ ਹਨ। ਡਾ: ਪੁਰੀ ਨੇ ਦੱਸਿਆ ਕਿ ਤੰਬਾਕੂ ਦੀ ਵਰਤੋਂ ਤੋਂ ਪਰਹੇਜ਼ ਕਰਨ ਨਾਲ ਕਾਰਡੀਓਵੈਸਕੁਲਰ ਜੋਖਮ 10% ਘੱਟ ਜਾਂਦਾ ਹੈ, ਹਾਈ ਬਲੱਡ ਪ੍ਰੈਸ਼ਰ ਜਾਂ ਸ਼ੂਗਰ ਨੂੰ ਕੰਟਰੋਲ ਕਰਨ ਨਾਲ ਜੋਖਮ 10% ਘੱਟ ਜਾਂਦਾ ਹੈ, ਸਿਗਰਟਨੋਸ਼ੀ ਛੱਡਣ ਨਾਲ ਜੋਖਮ 18% ਤੱਕ ਘੱਟ ਜਾਂਦਾ ਹੈ। ਹਫ਼ਤੇ ਵਿੱਚ 5 ਦਿਨਾਂ ਲਈ 30 ਮਿੰਟ ਦੀ ਤੇਜ਼ ਸੈਰ ਨਾਲ ਕਾਰਡੀਓਵੈਸਕੁਲਰ ਜੋਖਮ ਵਿੱਚ 59% ਦੀ ਕਮੀ ਹੁੰਦੀ ਹੈ।

# ਕਿਸੇ ਵੀ ਕਿਸਮ ਦਾ ਕੈਂਸਰ ਸੰਕ੍ਰਾਮਕ ਨਹੀਂ ਹੁੰਦਾ: ਮਾਹਿਰ

**ਮੋਹਾਲੀ (ਲੋਕ ਬਾਣੀ)** "ਕਿਸੇ ਵੀ ਕਿਸਮ ਦਾ ਕੈਂਸਰ ਸੰਕ੍ਰਾਮਕ ਨਹੀਂ ਹੁੰਦਾ ਹੈ।। ਇਹ ਛੂਹਣ, ਹੱਥ ਮਿਲਾਉਣ, ਚੁੰਮਣ ਜਾਂ ਕੈਂਸਰ ਦੇ ਮਰੀਜ਼ ਨਾਲ ਰਹਿਣ ਨਾਲ ਨਹੀਂ ਫੈਲਦਾ। ਆਈ.ਵੀ.ਵਾਈ ਹਸਪਤਾਲ ਮੋਹਾਲੀ ਦੇ ਕੈਂਸਰ ਸਰਜਰੀ ਵਿਭਾਗ ਦੇ ਮੁਖੀ ਡਾ: ਵਿਜੇ ਬਾਂਸਲ ਨੇ ਕਿਹਾ ਕਿ ਜੇਕਰ ਕੈਂਸਰ ਦਾ ਜਲਦੀ ਪਤਾ ਲੱਗ



ਡਾ: ਵਿਜੇ ਬਾਂਸਲ

ਜਾਵੇ ਤਾਂ ਇਸ ਦਾ ਇਲਾਜ ਕੀਤਾ ਜਾ ਸਕਦਾ ਹੈ। ਇਲਾਜ ਦੇ ਨਤੀਜੇ ਉਸ ਪੜਾਅ 'ਤੇ ਨਿਰਭਰ ਕਰਦੇ ਹਨ ਜਿਸ ਵਿਚ ਇਹ ਨਿਦਾਨ ਕੀਤਾ ਜਾਂਦਾ ਹੈ. ਜੇ ਸ਼ੁਰੂਆਤੀ ਪੜਾਅ 'ਤੇ ਇਲਾਜ ਕੀਤਾ ਜਾਂਦਾ ਹੈ, ਤਾਂ ਬਹੁਤ ਸਾਰੇ ਕੈਂਸਰਾਂ ਦੇ 80% ਤੋਂ ਵੱਧ ਪੂਰੀ ਤਰ੍ਹਾਂ ਠੀਕ ਹੋਣ ਦੀ ਸੰਭਾਵਨਾ ਹੁੰਦੀ ਹੈ। ਕੈਂਸਰ ਦੀ ਰੋਕਥਾਮ ਬਾਰੇ ਗੱਲ ਕਰਦਿਆਂ ਡਾ: ਬਾਂਸਲ ਨੇ ਕਿਹਾ ਕਿ ਸਭ ਤੋਂ ਵੱਧ ਘਾਤਕ ਕੈਂਸਰ ਦੇ ਕੇਸਾਂ ਵਿੱਚੋਂ ਦੋ ਤਿਹਾਈ ਤੋਂ ਵੱਧ ਕੈਂਸਰ ਤੋਂ ਸਧਾਰਨ ਜੀਵਨ ਸ਼ੈਲੀ ਵਿੱਚ ਤਬਦੀਲੀਆਂ ਜਿਵੇਂ ਕਿ ਬਹੁਤ ਸਾਰੇ ਫਲ, ਸਬਜ਼ੀਆਂ ਅਤੇ ਸਾਬਤ ਅਨਾਜ ਖਾਣ ਨਾਲ ਰੋਕਿਆ ਜਾ ਸਕਦਾ ਹੈ, ਕਸਰਤ ਕਰਨਾ, ਸਿਹਤਮੰਦ ਸਰੀਰ ਦਾ ਭਾਰ ਬਣਾਈ ਰੱਖਣਾ, ਤੰਬਾਕੂਨੋਸ਼ੀ ਨਾ ਕਰਨਾ ਅਤੇ ਕੈਂਸਰ ਸੁਰੱਖਿਆ ਦੀ ਵਰਤੋਂ ਕਰਦੇ ਹੋਏ, ਤੋਂ ਬਚਿਆ ਜਾ ਸਕਦਾ ਹੈ। ਡਾ: ਬਾਂਸਲ ਨੇ ਅੱਗੇ ਦੱਸਿਆ ਕਿ ਕੁਝ ਕੈਂਸਰ ਜੈਨੇਟਿਕ ਹੁੰਦੇ ਹਨ, ਇਸ ਦਾ ਇਹ ਮਤਲਬ ਨਹੀਂ ਹੈ ਕਿ ਖ਼ਾਨਦਾਨੀ ਕਾਰਨ ਕੈਂਸਰ ਜ਼ਰੂਰ ਪੈਦਾ ਹੋਵੇਗਾ। ਉਸਨੇ ਅੱਗੇ ਕਿਹਾ ਕਿ ਛਾਤੀ ਦੇ ਕੈਂਸਰ, ਅੰਡਕੋਸ਼ ਦੇ ਕੈਂਸਰ ਅਤੇ ਕੋਲੋਰੈਕਟਲ ਕੈਂਸਰ ਵਰਗੇ ਕੈਂਸਰ ਕੁਝ ਅਜਿਹੇ ਕੈਂਸਰ ਹਨ ਜੋ ਜੈਨੇਟਿਕ ਤੌਰ 'ਤੇ ਪਾਸ ਕੀਤੇ ਜਾ ਸਕਦੇ ਹਨ। ਜੇਕਰ ਕਿਸੇ ਮਾਤਾ ਜਾਂ ਪਿਤਾ ਨੂੰ ਇਹ ਕੈਂਸਰ ਹਨ, ਤਾਂ ਕੈਂਸਰ ਜੀਨ ਉਨ੍ਹਾਂ ਦੇ ਬੱਚੇ ਨੂੰ ਪਾਸ ਹੋ ਸਕਦੇ ਹਨ। ਜੇਕਰ ਇੱਕ ਬੱਚੇ ਨੂੰ ਜੀਨ ਵਿਰਾਸਤ ਵਿੱਚ ਮਿਲਦਾ ਹੈ, ਤਾਂ ਇਹ ਕੈਂਸਰ ਹੋਣ ਦੀ ਸੰਭਾਵਨਾ ਨੂੰ ਵਧਾਉਂਦਾ ਹੈ ਪਰ ਕੈਂਸਰ ਹੋਣ ਦੀ ਗਾਰੰਟੀ ਨਹੀਂ ਹੁੰਦਾ ਹੈ। ਡਾ: ਬਾਂਸਲ ਨੇ ਕਿਹਾ ਕਿ ਅਜਿਹੇ ਲੋਕਾਂ ਨੂੰ ਵਾਰ-ਵਾਰ ਚੈਕਅੱਪ ਅਤੇ ਸਕਰੀਨਿੰਗ ਦੀ ਲੋੜ ਹੁੰਦੀ ਹੈ।

# ਦੀਨਾਨਗਰ ਵਿੱਚ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮੁਫ਼ਤ ਆਯੁਰਵੈਦਿਕ ਕੈਂਪ ਲਗਾਇਆ ਗਿਆ





**ਦੀਨਾਨਗਰ (ਡਾ.ਰਮੇਸ਼ ਸਰੰਗਲ )** ਤ੍ਰਿਖਾ ਆਯੁਰਵੈਦਿਕ ਵਿਖੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮੁਫ਼ਤ ਆਯੁਰਵੈਦਿਕ ਕੈਂਪ ਲਗਾਇਆ ਗਿਆ। ਪ੍ਰਧਾਨ ਰਾਕੇਸ਼ ਮਹਾਜਨ ਦੀ ਪ੍ਰਧਾਨਗੀ ਹੇਠ ਕੈਂਪ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਦੀਪ ਜਗਾ ਕੇ ਕੀਤੀ ਗਈ। ਡਾ: ਰਾਜੇਸ਼ ਤ੍ਰਿਖਾ, ਡਾ: ਨਿਸ਼ਾਂਤਾ ਤ੍ਰਿਖਾ, ਡਾ: ਮਯੰਕ ਤ੍ਰਿਖਾ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਵਿਚ ਮਾਹਿਰ ਡਾਕਟਰਾਂ ਦੀ ਟੀਮ ਨੇ ਚੈਕਅੱਪ ਕੀਤਾ . ਇਸ ਮੌਕੇ 108 ਮਰੀਜ਼ਾਂ ਨੂੰ ਚੈਕਅੱਪ ਕਰਨ ਉਪਰੰਤ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਪ੍ਰਧਾਨ ਰਾਕੇਸ਼ ਮਹਾਜਨ ਨੇ ਦੱਸਿਆ ਕਿ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਲੋਕਾਂ ਦੀ ਬਿਹਤਰੀ ਲਈ ਸਮੇਂ-ਸਮੇਂ 'ਤੇ ਅਜਿਹੇ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਲੋੜਵੰਦ ਲੋਕ ਇਸ ਕੈਂਪ ਦਾ ਲਾਭ ਉਠਾ ਸਕਣ। ਉਨ੍ਹਾਂ ਕਿਹਾ ਕਿ ਇਸ ਸੰਸਥਾ ਦਾ ਇੱਕੋ ਇੱਕ ਉਦੇਸ਼ ਹੈ, ਜੋ ਮਨੁੱਖਤਾ ਦੀ ਸੇਵਾ ਕਰਨਾ ਹੈ। ਇਸ ਕੰਮ ਲਈ ਲੋਕਾਂ ਦੀ ਮਦਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅੱਜ ਲਗਾਏ ਗਏ ਕੈਂਪ ਵਿੱਚ ਲੋਕਾਂ ਨੇ ਇਸ ਦਾ ਲਾਭ ਉਠਾਇਆ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਲਗਾਇਆ ਗਿਆ ਹੈ। ਕੈਂਪ ਦੌਰਾਨ ਸੰਸਥਾ ਵਿੱਚ ਕੁਝ ਨਵੇਂ ਮੈਂਬਰ ਸ਼ਾਮਲ ਹੋਏ, ਜਿਸ ਤੋਂ ਬਾਅਦ ਸੰਸਥਾ ਵੱਲੋਂ ਡਾਕਟਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਰਾਧੇਸ਼ਿਆਮ ਮਹਾਜਨ, ਵਿਨੋਦ ਸ਼ਰਮਾ, ਵਿਜੇ ਕਾਂਸਰਾ , ਮੋਹਿਤ ਅਗਰਵਾਲ, ਨਰੇਸ਼ ਤ੍ਰਿਪਾਠੀ, ਜਤਿੰਦਰ ਮਹਾਜਨ, ਕੇਵਲ ਕ੍ਰਿਸ਼ਨ ਮਹਾਜਨ, ਅਨਿਲ ਗੁਪਤਾ, ਡਾ: ਹਰੀਦੇਵ ਅਗਨੀਹੋਤਰੀ, ਜਨਕ ਰਾਜ ਮਹਾਜਨ, ਸੰਜੀਵ ਕੁਮਾਰ, ਆਦਿਤਿਆ ਗੁਪਤਾ, ਈਸ਼ਵਰ ਭੱਲਾ, ਕਮਲ ਮਹਾਜਨ, ਡਾ. ਸਤਪਾਲ ਸ਼ਰਮਾ, ਪ੍ਰੇਮ ਭਾਰਤ, ਰਜਿੰਦਰ ਸ਼ਰਮਾ, ਡਾ: ਰੰਜਨਾ ਭੈਂਸ, ਡਾ: ਨਿਕਿਤਾ ਆਦਿ ਹਾਜ਼ਰ ਸਨ।

# ਬ੍ਰਹਮਪੁੱਤਰ ਨਦੀ 'ਤੇ ਚੀਨ ਦੇ ਹਾਈਡਰੋ ਪ੍ਰਾਜੈਕਟ ਬਾਰੇ ਸਰਕਾਰ ਚੌਕਸ: ਗਜੇਂਦਰ ਸ਼ੇਖਾਵਤ



**ਨਵੀਂ ਦਿੱਲੀ।** ਕੇਂਦਰੀ ਜਲ ਸ਼ਕਤੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਅੱਜ ਕਿਹਾ ਕਿ ਭਾਰਤ ਵਿੱਚ ਦਾਖਲ ਹੋਣ ਤੋਂ ਪਹਿਲਾਂ ਚੀਨ ਦੇ ਇਲਾਕੇ ਵਿੱਚ ਬ੍ਰਹਮਪੁੱਤਰ ਨਦੀ 'ਤੇ 60 ਹਜ਼ਾਰ ਮੈਗਾਵਾਟ ਦੀ ਸਮਰਥਾ ਵਾਲੇ ਹਾਈਡਰੋ ਪ੍ਰਾਜੈਕਟ ਨੂੰ ਲੈ ਕੇ ਕੇਂਦਰ ਸਰਕਾਰ ਪੂਰੀ ਤਰ੍ਹਾਂ ਚੌਕਸ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਰਾਹੀਂ ਭਾਰਤੀ ਹਿੱਤ ਪ੍ਰਭਾਵਿਤ ਨਾ ਹੋਣ, ਇਸ ਨੂੰ ਲੈ ਕੇ ਸਰਕਾਰ ਪੂਰੀ ਤਰ੍ਹਾਂ ਜਾਗਰੂਕ ਹੈ। ਉਨ੍ਹਾਂ ਕਿਹਾ ਕਿ ਚੀਨ ਲਗਾਤਾਰ ਦਾਅਵੇ ਕਰ ਰਿਹਾ ਹੈ ਕਿ ਉਹ ਕੋਈ ਡੈਮ ਨਹੀਂ ਬਣਾ ਰਿਹਾ ਪਰ ਬੀਤੇ ਦੋ ਤਿੰਨ ਸਾਲਾਂ ਵਿੱਚ ਚੀਨ ਦੀ ਹੀ ਸਰਕਾਰੀ ਕੰਪਨੀ 'ਪਾਵਰ ਚਾਈਨਾ' ਅਤੇ ਉਥੋਂ ਦੀ ਸਰਕਾਰ ਨੇ ਆਪਣੀ ਪੰਜ ਸਾਲਾ ਯੋਜਨਾ ਵਿੱਚ ਇਸ ਪ੍ਰਾਜੈਕਟ ਦਾ ਜ਼ਿਕਰ ਕੀਤਾ ਹੈ।

# ਮਸ਼ਹੂਰ ਗਾਇਕਾ ਆਪਣੇ ਨਵੇਂ ਸਿੰਗਲ 'ਆਈ ਡੌਂਟ ਗਿਵ ਅ' ਦੇ ਨਾਲ ਭਾਰਤੀ ਦੀ ਅਗਲੀ ਪੌਪ ਆਈਕਨ ਬਣਨ ਲਈ ਪੂਰੀ ਤਰ੍ਹਾਂ ਮੈਦਾਨ 'ਚ ਉਤਰ ਗਈ ਹੈ

**ਚੰਡੀਗੜ੍ਹ (ਲੋਕ ਬਾਣੀ)** ਭਾਰਤ ਦੀ ਸਭ ਤੋਂ ਦਮਦਾਰ ਅਤੇ ਮਸ਼ਹੂਰ ਅਵਾਜ਼ਾਂ 'ਚੋਂ ਇੱਕ ਅਸੀਸ ਕੌਰ ਨੇ ਆਪਣਾ ਨਵਾਂ ਸਿੰਗਲ 'ਆਈ ਡੌਂਟ ਗਿਵ ਅ' ਰਿਲੀਜ ਕੀਤਾ . ਇਹ ਗੀਤ ਇੱਕ ਗੱਜਣ ਭਰੀ ਕ੍ਰਾਂਤੀ ਹੈ ਅਤੇ ਇੱਕ ਔਰਤ ਜਿਹੜੀ ਆਪਣੀ ਜ਼ਿੰਦਗੀ ਦੀ ਖੁਦ ਮਾਲਕ ਹੈ ਉਸਦਾ ਗੀਤ ਹੈ, ਨਾਲ ਹੀ ਇਹ ਗੀਤ ਦੇਸ਼ ਭਰ ਦੀਆਂ ਉਨ੍ਹਾਂ ਔਰਤਾਂ ਨੂੰ ਆਨੰਦਮਈ ਸਨਮਾਨ ਦਿੰਦਾ ਹੈ, ਜਿਹੜੀਆਂ ਕਿਸੇ ਵੀ ਚਜੀ ਅਤੇ ਹਰ ਉਸ ਚੀਜ ਦੀ ਪਰਵਾਹ ਨਾ ਕਰਨ ਦਾ ਵਿਕਲਪ ਚੁਣਦੀਆਂ ਹਨ, ਜਿਹੜੀਆਂ ਉਨ੍ਹਾਂ ਨੂੰ ਪਰੇਸ਼ਾਨ ਕਰਦੀਆਂ ਹਨ . ਦਿੱਲ ਟੁੱਟਣ 'ਤੇ ਕੁੜੀਆਂ ਹੁਣ ਹੋਰ ਨਹੀਂ ਰੋਣਗੀਆਂ . ਉਹ ਇੱਥੇ ਆਪਣੀਆਂ ਸ਼ਰਤਾਂ 'ਤੇ ਆਪਣੀ ਜ਼ਿੰਦਗੀ ਜਿਊਣ ਅਤੇ ਆਨੰਦ ਲੈਣ ਲਈ ਹਨ . ਇਸ ਮਿਊਜਿਕ ਵੀਡਿਓ 'ਚ ਅਸੀਸ ਕੌਰ ਨੂੰ ਇੱਕ ਸ਼ਾਨਦਾਰ ਅਵਤਾਰ 'ਚ ਦਿਖਾਇਆ ਗਿਆ ਹੈ, ਕਿਉਂਕਿ ਉਹ ਅਦਾਕਾਰ ਅਤੇ ਕਮੇਡੀਅਨ ਆਦਰ ਮਲਿਕ ਦੇ ਨਾਲ ਮੁੱਖ ਭੂਮਿਕਾ ਅਦਾ ਕਰ ਰਹੀ ਹੈ . ਵਿਜਯ ਅਨਿਲ ਗਾਂਗੁਲੀ ਵੱਲੋਂ ਨਿਰਦੇਸ਼ਿਤ ਅਤੇ ਕੋਰਿਓਗ੍ਰਾਫ ਕੀਤਾ ਗਿਆ ਇਹ ਸੰਗੀਤ ਵੀਡਿਓ ਦੇਖਣ 'ਚ ਬਹੁਤ ਆਕਰਸ਼ਕ ਹੋਣ ਦੇ ਨਾਲ ਨਾਲ ਅੰਤ 'ਚ ਕਹਾਣੀ ਨੂੰ ਇੱਕ ਨਵਾਂ ਮੋੜ ਦੇ ਕੇ ਇਸ ਗੀਤ ਦੀ ਊਰਜਾ ਅਤੇ ਭਾਵਨਾ ਨੂੰ ਪੂਰਾ ਕਰਦਾ ਹੈ, ਕੁਮਾਰ ਵੱਲੋਂ ਲਿਖੇ ਗਏ ਅਤੇ ਗੋਲਡੀ ਸੋਹੇਲ ਵੱਲੋਂ ਸੰਗੀਤਬੱਧ ਇਸ ਟਰੈਕ ਨੂੰ ਅਸੀਸ ਦੀ ਜੋਸ਼ੀਲੀ ਅਵਾਜ ਅਤੇ ਹੋਣਹਾਰ ਬੁਰਾਹ ਵੱਲੋਂ ਰੈਪ ਕੀਤਾ ਗਿਆ ਹੈ . ਗੀਤ ਦੇ ਬਾਰੇ 'ਚ ਪੁੱਛੇ ਜਾਣ 'ਤੇ ਅਸੀਸ ਕੌਰ ਕਹਿੰਦੀ ਹੈ, 'ਆਈ ਡੌਂਟ ਗਿਵ ਅ' ਦੇ ਲਈ ਆਪਣੇ ਕਮਫਰਟ ਜੋਨ ਤੋਂ ਬਾਹਰ ਨਿਕਲਣ 'ਚ ਮੈਨੂੰ ਬਹੁਤ ਆਨੰਦ ਆਇਆ! ਕੁਮਾਰ ਸਰ, ਗੋਲਡੀ, ਬੁਰਾਹ ਅਤੇ ਆਦਰ ਨੇ ਮਿਲ ਕੇ ਗੀਤ ਨੂੰ ਸਹੀ




ਅਰਥਾਂ 'ਚ ਸੰਪੂਰਣ ਪੈਕੇਜ ਬਣਾ ਦਿੱਤਾ . ਟੀਮ ਸੋਨੀ ਮਿਊਜਿਕ ਦੇ ਨਾਲ ਕੰਮ ਕਰਨਾ ਮੇਰੇ ਲਈ ਹਮੇਸ਼ਾ ਤੋਂ ਖੁਸ਼ੀ ਦੀ ਗੱਲ ਰਹੀ ਹੈ . ਅਸੀਂ ਸਾਰਿਆਂ ਨੇ ਇਸ ਗੀਤ 'ਤੇ ਇੱਕ ਸਾਲ ਨਾਲੋਂ ਵੀ ਜਿਆਦਾ ਸਮੇਂ ਤੱਕ ਬਹੁਤ ਮਿਹਨਤ ਕੀਤੀ ਹੈ ਅਤੇ ਮੈਂ ਇਸਨੂੰ ਸਾਰਿਆਂ ਦੇ ਨਾਲ ਸ਼ੇਅਰ ਕਰਨ ਦੇ ਲਈ ਬਹੁਤ ਜਿਆਦਾ ਉਤਸਾਹਿਤ ਹਾਂ . ਗੀਤ ਦੇ ਲਾਂਚ 'ਤੇ ਆਦਰ ਮਲਕ ਨੇ ਆਪਣੀ ਖੁਸ਼ੀ ਨੂੰ ਕੁਝ ਇਸ ਤਰ੍ਹਾਂ ਜਾਹਿਰ ਕੀਤਾ, 'ਮੈਂ 'ਆਈ ਡੌਂਟ ਗਿਵ ਅ' ਦਾ ਹਿਸਾ ਬਣ ਕੇ ਰੋਮਾਂਚ ਨਾਲ ਭਰ ਗਿਆ ਹਾਂ . ਇਹ ਗੀਤ ਬ੍ਰੇਕ ਅਪ ਦੇ ਹਲਕੇ ਫੁਲਕੇ ਰੂਪ 'ਚ ਦਰਸਾਇਆ ਗਿਆ ਹੈ ਅਸੀਸ ਕੌਰ ਅਤੇ ਬੁਰਾਹ ਨੇ ਆਪਣੀ ਦਮਦਾਰ ਗਾਇਕੀ ਦੇ ਨਾਲ ਜਬਰਦਸਤ ਕੰਮ ਕੀਤਾ ਹੈ . ਉਨ੍ਹਾਂ ਦੇ ਨਾਲ ਕੰਮ ਕਰਨਾ ਮੇਰੇ ਲਈ ਬਹੁਤ ਹੀ ਖੁਸ਼ੀ ਦੀ ਗੱਲ ਹੈ . ਮੈਂ ਚਾਹੁੰਦਾ ਹਾਂ ਕਿ ਦਰਸ਼ਕ ਇਸਨੂੰ ਜਲਦੀ ਤੋਂ ਜਲਦੀ ਦੇਖਣ ਉਨ੍ਹਾਂ ਦੇ ਲਈ ਮੈਂ ਬਹੁਤ ਉਤਸਾਹਿਤ ਹਾਂ . ਗੋਲਡੀ ਸੋਹੇਲ ਨੇ ਕਿਹਾ, 'ਮੈਂ 'ਆਈ ਡੌਂਟ ਗਿਵ ਅ' ਦੇ ਲਈ ਜਿਹੜਾ ਸੰਗੀਤ ਤਿਆਰ ਕੀਤਾ ਹੈ ਇਸਨੂੰ ਲੈ ਕੇ ਮੈਂ ਬਹੁਤ ਹੀ ਖੁਸ਼ ਹਾਂ . ਮੈਂ ਦਰਸ਼ਕਾਂ ਦੇ ਇਸ ਨਸਾਂ 'ਚ ਘੁਲ ਜਾਣ ਵਾਲੇ ਖੂਬਸੂਰਤ ਗੀਤ ਅਤੇ ਊਰਜਾਵਾਨ ਬੀਟਸ ਸੁਣਨ ਦੇ ਲਈ ਇੰਤਜਾਰ ਵੀ ਨਹੀਂ ਕਰ ਪਾ ਰਿਹਾ ਹਾਂ ਜਿਹੜਾ ਅਸੀਂ ਇਕੱਠੇ ਬਣਾਇਆ ਹੈ . ਬੁਰਾਹ ਨੇ ਕਿਹਾ, 'ਅਸੀਸ ਅਤੇ ਗੋਲਡੀ ਦੇ ਨਾਲ 'ਆਈ ਡੌਂਟ ਗਿਵ ਅ' 'ਤੇ ਠੁਮਕੇ ਲਗਾਉਣ 'ਚ ਮੈਨੂੰ ਬਹੁਤ ਆਨੰਦ ਆਇਆ . ਇਹ ਗੀਤ ਬਹੁਤ ਹੀ ਜੀਵਿਤ ਅਤੇ ਖੂਬਸੂਰਤ ਹੈ . ਮੈਨੂੰ ਵਿਸ਼ਵਾਸ ਹੈ ਕਿ ਦਰਸ਼ਕ ਇਸਦਾ ਬਹੁਤ ਆਨੰਦ ਮਾਣਨਗੇ . ਵਿਜਯ ਅਨਿਲ ਗਾਂਗੁਲੀ ਨੇ ਕਿਹਾ, 'ਇਸ ਪ੍ਰੋਜੈਕਟ 'ਤੇ ਕੰਮ ਕਰਦੇ ਹੋਏ ਮੈਨੂੰ ਬਹੁਤ ਵਧੀਆ ਲੱਗਿਆ . ਉਨ੍ਹਾਂ ਨੇ ਕਿਹਾ, 'ਮੈਂ ਇੱਕ ਸਾਲ ਨਾਲੋਂ ਵੀ ਜਿਆਦਾ ਸਮੇਂ ਤੋਂ ਅਸੀਸ ਅਤੇ ਸੋਨੀ ਮਿਊਜਿਕ ਦੇ ਨਾਲ ਇਸ ਪ੍ਰੋਜੈਕਟ 'ਤੇ ਚਰਚਾ ਕਰ ਰਿਹਾ ਸੀ ਅਤੇ ਅੱਜ ਇਸਨੂੰ ਇਕੱਠੇ ਦੇਖਣਾ ਸਾਡੇ ਲਈ ਬਹੁਤ ਹੀ ਆਨੰਦਮਈ ਹੈ . ਅਸੀਸ ਇੱਕ ਅਦਭੁਤ ਕਲਾਕਾਰ ਹੈ, ਉਨ੍ਹਾਂ ਦਾ ਜਨੂੰਨ ਅਤੇ ਊਰਜਾ ਸਚਮੁਚ ਪ੍ਰਭਾਵਸ਼ਾਲੀ ਹੈ . ਉਨ੍ਹਾਂ ਨੇ ਇਸ ਸੰਗੀਤ ਵੀਡਿਓ ਦੇ ਲਈ ਸਖਤ ਮਿਹਨਤ ਕੀਤੀ ਹੈ . ਮੈਨੂੰ ਲੱਗਦਾ ਹੈ ਕਿ ਇਹ ਗੀਤ ਅਤੇ ਵੀਡਿਓ ਦੁਨੀਆਂ ਭਰ ਦੇ ਦਰਸ਼ਕਾਂ ਦੇ ਵਿਚਕਾਰ ਬਹੁਤ ਹਿੱਟ ਹੋਣ ਵਾਲੀ ਹੈ ।

# ਅਰੁਣਾਚਲ ਗੁਰਦੁਆਰਾ ਸਾਹਿਬ ਮਾਮਲਾ: ਸ: ਇਕਬਾਲ ਸਿੰਘ ਲਾਲਪੁਰਾ ਨੇ ਗੰਭੀਰ ਨੋਟਿਸ ਲੈਂਦਿਆਂ ਮਾਮਲੇ ਦੀ ਤਹਿ ਤੱਕ ਜਾਣ ਦਾ ਦਿੱਤਾ ਭਰੋਸਾ

## ਗੁਰਦੁਆਰੇ ਨੂੰ ਬੋਧੀ ਸਥਾਨ 'ਚ ਬਦਲਣ ਦੀ ਖ਼ਬਰ ਨੇ ਸਿੱਖ ਹਿਰਦਿਆਂ ਨੂੰ ਡੂੰਘੀ ਠੇਸ ਪਹੁੰਚਾਈ: ਪ੍ਰੋ. ਸਰਚਾਂਦ ਸਿੰਘ

**ਅੰਮ੍ਰਿਤਸਰ (ਵਿਰਦੀ )** ਭਾਜਪਾ ਦੇ ਸਿੱਖ ਆਗੂ ਅਤੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਲਾਹਕਾਰ ਪ੍ਰੋ: ਸਰਚਾਂਦ ਸਿੰਘ ਖਿਆਲਾ ਨੇ ਦੱਸਿਆ ਕਿ ਅਰੁਣਾਚਲ ਪ੍ਰਦੇਸ਼ ਦੇ ਮੇਚੁਕਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਿਤ ਇਤਿਹਾ-ਸਕ ਅਸਥਾਨ ਨੂੰ ਬੋਧੀ ਅਸਥਾਨ ਵਿਚ ਤਬਦੀਲ ਕਰਨ ਦੇ ਮਾਮਲੇ 'ਚ ਕੌਮੀ ਘੱਟ ਗਿਣਤੀ ਕਮਿ-ਸ਼ਨ ਦੇ ਚੇਅਰਮੈਨ ਸ: ਇਕਬਾਲ ਸਿੰਘ ਲਾਲਪੁਰਾ ਨੇ ਗੰਭੀਰ ਨੋਟਿਸ ਲਿਆ ਹੈ। ਸ: ਲਾਲਪੁਰਾ ਨੇ ਸਿੱਖ ਭਾਈਚਾਰੇ ਨਾਲ ਸੰਬੰਧਿਤ ਇਸ ਸੰਵੇਦਨਸ਼ੀਲ ਤੇ ਸੰਜੀਦਾ ਮਾਮਲੇ ਦੀ ਤਹਿ ਤੱਕ ਜਾਣ ਅਤੇ ਇਸ ਦੇ ਹੱਲ ਲਈ ਅਰੁਣਾਚਲ ਪ੍ਰਦੇਸ਼ ਦੇ ਚੀਫ਼ ਸੈਕਟਰੀ ਤੋਂ ਤੁਰੰਤ ਰਿਪੋਰਟ ਮੰਗਣ ਦਾ ਭਰੋਸਾ ਦਿੱਤਾ ਹੈ। ਪ੍ਰੋ: ਸਰਚਾਂਦ ਸਿੰਘ ਨੇ ਉਕਤ ਮਾਮਲੇ ਦੀ ਮੀਡੀਆ ਵਿਚ ਚਰਚਾ ਛਿੜਨ 'ਤੇ ਕੇਂਦਰ ਸਰਕਾਰ ਨੂੰ ਮਾਮਲੇ 'ਚ ਦਖ਼ਲ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ: ਇਕਬਾਲ ਸਿੰਘ ਲਾਲਪੁਰਾ ਨੂੰ ਪੱਤਰ ਲਿਖ ਕੇ ਕਿਹਾ ਕਿ ਅਰੁਣਾ-ਚਲ ਪ੍ਰਦੇਸ਼ ਦੇ ਮੇਚੁਕਾ ਵਿਖੇ ਸਿੱਖ ਧਰਮ ਦੇ ਪ੍ਰਥਮ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਿਤ ਇਤਿਹਾਸਕ ਅਸਥਾਨ ਨੂੰ ਬੋਧੀ ਧਰਮ ਅਸਥਾਨ ਵਿਚ ਤਬਦੀਲ ਕੀਤੇ ਜਾਣ ਦੀ ਖ਼ਬਰ ਨੇ ਸਿੱਖ ਹਿਰਦਿਆਂ ਨੂੰ ਗਹਿਰੀ ਠੇਸ ਪਹੁੰਚਾਈ ਹੈ। ਕਿਸੇ ਵੀ ਧਰਮ ਦੇ ਧਾਰਮਿਕ ਅਸਥਾਨ ਨੂੰ ਦੂਜੇ ਧਰਮ ਦੇ ਅਸਥਾਨ ਵਿਚ ਤਬਦੀਲ ਕਰਨਾ ਨੈਤਿਕ ਅਤੇ ਸੰਵਿਧਾਨਕ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਮਨੁੱਖਤਾ ਦੇ ਭਲੇ ਲਈ ਵੱਖ-ਵੱਖ ਦੇਸ਼ਾਂ ਅਤੇ ਪ੍ਰਦੇਸ਼ਾਂ ਦੀ ਯਾਤਰਾ/ ਉਦਾਸੀ ਸਮੇਂ ਮੇਚੁਕਾ ਜਾਣ ਦਾ ਜ਼ਿਕਰ ਅਨੇਕਾਂ ਪੁਰਾਤਨ ਗ੍ਰੰਥਾਂ ਵਿਚ ਮਿਲਦਾ ਹੈ। ਮੇਚੁਕਾ ਵਿਖੇ ਸਿੱਖ ਸੰਗਤਾਂ ਨੇ ਗੁਰੂ ਸਾਹਿਬ ਦੀ ਯਾਦ ਵਿਚ 'ਗੁਰਦੁਆਰਾ ਗੁਰੂ ਨਾਨਕ ਤਪੋ ਅਸਥਾਨ' ਦੀ ਸਥਾਪਨਾ ਕੀਤੀ ਸੀ।



ਇਸ ਤੋਂ ਪਹਿਲਾਂ ਗੁਰੂ ਨਾਨਕ ਦੇਵ ਜੀ ਦੀ ਯਾਦ ਨਾਲ ਸੰਬੰਧਿਤ ਉਤਰਾਖੰਡ ਦੇ ਹਰਿਦੁਆਰ ਵਿਖੇ 'ਗੁਰਦੁਆਰਾ ਗਿਆਨ ਗੋਦੜੀ ਸਾਹਿਬ', ਸਿੱਕਮ ਦੀ ਕਚਨ ਜੰਗਾ ਪਹਾੜੀਆਂ ਵਿੱਚ 'ਗੁਰਦਵਾਰਾ ਗੁਰੂ ਡਾਂਗ ਮਾਰ ਸਾਹਿਬ', ਉੜੀਸਾ 'ਚ 'ਗੁਰਦੁ-ਆਰਾ ਪੰਜਾਬੀ ਮੱਠ ਤੇ ਮੰਗੂ ਮੱਠ' ਦੇ ਮਾਮਲੇ ਅਣ ਸੁਲਝੇ ਪਏ ਹਨ। ਅਰੁਣਾਚਲ ਪ੍ਰਦੇਸ਼ ਵਿਚ ਅਜਿਹਾ ਹੋਇਆ ਹੈ ਤਾਂ ਇਹ ਬਹੁਤ ਹੀ ਮੰਦਭਾਗਾ ਹੈ ਅਤੇ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਮੇਚੁਕਾ ਦਾ 'ਗੁਰਦੁਆਰਾ ਗੁਰੂ ਨਾਨਕ ਤਪੋ ਅਸਥਾਨ' ਹਾਲ ਹੀ 'ਚ ਬੋਧੀ ਅਸਥਾਨ ਵਿਚ ਤਬਦੀਲ ਹੋਣ ਦਾ ਖ਼ਦਸ਼ਾ ਹੈ। ਕੁਝ ਦਿਨ ਪਹਿਲਾਂ ਅਰੁਣਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਪੇਮਾ ਖਾਂਡੂ ਨੇ ਮੇਚੁਕਾ ਦੌਰੇ ਦੀਆਂ ਕੁਝ ਤਸਵੀਰਾਂ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤੀਆਂ ਸਨ। ਜਿਸ ਵਿਚ ਉਕਤ ਸਥਾਨ 'ਤੇ ਇਕ ਬੋਧੀ ਮੂਰਤੀ ਦੇਖੀ ਜਾ ਸਕਦੀ ਹੈ, ਜਿੱਥੇ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਬਿਰਾਜਮਾਨ ਹੁੰਦਾ ਸੀ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਕੇਂਦਰੀ ਗ੍ਰਹਿ ਮੰਤਰੀ ਅਤੇ ਖ਼ੁਦ ਚੇਅਰਮੈਨ ਕੌਮੀ ਘੱਟਗਿਣਤੀ ਕਮਿਸ਼ਨ ਨੂੰ ਸਿੱਖਾਂ ਦੇ ਇਸ ਗੰਭੀਰ ਮਮਲੇ ਵਿਚ ਤੁਰੰਤ ਦਖ਼ਲ ਦੇਣਾ ਚਾਹੀਦਾ ਹੈ। ਅਤੇ ਇਸ ਮੁੱਦੇ 'ਤੇ ਅਰੁਣਾ-ਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਪੇਮਾ ਖਾਂਡੂ ਨਾਲ ਤੁਰੰਤ ਰਾਬਤਾ ਕਰਦਿਆਂ "ਗੁਰਦੁਆਰਾ ਗੁਰੂ ਨਾਨਕ ਤਪੋ ਅਸਥਾਨ" ਨੂੰ ਸਿੱਖ ਭਾਈਚਾਰੇ ਦੇ ਹਵਾਲੇ ਕੀਤਾ ਜਾਣਾ ਚਾਹੀਦਾ ਹੈ।

# ਬੱਸ ਨੇ ਕਾਰ ਨੂੰ ਮਾਰੀ ਟੱਕਰ, ਧੀ ਦੀ ਹੋਈ ਮੌਤ, ਪਤੀ-ਪਤਨੀ ਤੇ ਪੁੱਤ ਗੰਭੀਰ ਜ਼ਖ਼ਮੀ



**ਮਾਨਸਾ ।** ਆਏ ਦਿਨ ਵਾਪਰਦੇ ਸੜਕ ਹਾਦਸੇ ਕਈ ਕੀਮਤੀ ਜਾਨਾਂ ਲੈ ਲੈਂਦੇ ਹਨ। ਤਾਜ਼ਾ ਖ਼ਬਰ ਬੁਢਲਾਡਾ ਤੋਂ ਹੈ ਜਿਥੇ ਵਾਪਰੇ ਹਾਦਸੇ ਨੇ ਧੀ ਦੀ ਜਾਨ ਲੈ ਲਈ ਜਦਕਿ ਪਤੀ-ਪਤਨੀ ਅਤੇ ਪੁੱਤਰ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ ਹਨ। ਜਾਣਕਾਰੀ ਅਨੁਸਾਰ ਇਹ ਹਾਦਸਾ ਪਿੰਡ ਗੁਰਨੇ ਕਲਾਂ ਦੇ ਫਫੜੇ ਭਾਈਕੇ ਚੌਕ ਵਿਖੇ ਵਾਪਰਿਆ ਜਿਥੇ ਇੱਕ ਬੱਸ ਅਤੇ ਕਾਰ ਦੀ ਭਿਆਨਕ ਟੱਕਰ ਹੋਈ। ਦੱਸਿਆ ਜਾ ਰਿਹਾ ਹੈ ਕਿ ਇਹ ਪੂਰਾ ਪਰਿਵਾਰ ਧਾਰਮਿਕ ਸਥਾਨ ਤੋਂ ਮੱਥਾ ਟੇਕ ਕੇ ਵਾਪਸ ਆ ਰਿਹਾ ਸੀ ਕਿ ਇਸ ਦੌਰਾਨ ਰਸਤੇ ਵਿਚ ਹੀ ਇਹ ਭਾਣਾ ਵਾਪਰ ਗਿਆ। ਮ੍ਰਿਤਕ ਦੀ ਪਛਾਣ ਪ੍ਰਿਯੰਕਾ (17) ਵਜੋਂ ਹੋਈ ਹੈ ਜਦਕਿ ਮ੍ਰਿਤਕ ਦਾ ਪਿਤਾ ਅਵਤਾਰ ਸਿੰਘ (48) ਕਾਰ ਚਲਾ ਰਿਹਾ ਸੀ, ਸੁਖਚੈਨ ਕੌਰ ਪਤਨੀ (46) ਅਤੇ ਉਨ੍ਹਾਂ ਦਾ ਪੁੱਤਰ ਸ਼ੁੱਭ ਕਰਮਦੀਪ ਸਿੰਘ (19) ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਹਾਦਸੇ ਦੌਰਾਨ ਸਾਰੇ ਜ਼ਖਮੀ ਹੋਏ ਸਨ ਜਿਸ ਮਗਰੋਂ ਉਨ੍ਹਾਂ ਨੂੰ ਸਰਕਾਰੀ ਹਸਪਤਾਲ ਬੁਢਲਾਡਾ ਲਿਆਂਦਾ ਗਿਆ। ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਪ੍ਰਿਯਕਾਂ ਦੀ ਮੌਤ ਹੋ ਗਈ। ਉਧਰ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਸਿੱਖ ਕੌਮ ਦੇ ਮਹਾਨ ਜਰਨੈਲ ਸ. ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾਂ ਜਨਮ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਵਿਸ਼ੇਸ਼ ਸੈਮੀਨਾਰ 'ਚ ਪੁੱਜੀਆਂ ਸਮੂਹ ਵਿਦਵਾਨ ਸ਼ਖਸ਼ੀਅਤਾਂ ਤੇ ਸੰਗਤਾਂ ਦਾ ਕੀਤਾ ਧੰਨਵਾਦ - ਸੰਤ ਬਾਬਾ ਅਮੀਰ ਸਿੰਘ ਜੀ






**ਲੁਧਿਆਣਾ (ਕਰਨੈਲ ਸਿੰਘ ਐੱਮ.ਏ.)** ਸ਼੍ਰੋਮਣੀ ਸਿੱਖ ਪ੍ਰਚਾਰਕ ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਨੇ ਮਹਾਨ ਸੂਰਬੀਰ ਜਰਨੈਲ ਸ.ਜੱਸਾ ਸਿੰਘ ਰਾਮਗੜ੍ਹੀਆ ਜੀ ਦੇ 300 ਸਾਲਾਂ ਜਨਮ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਵਿਸ਼ੇਸ਼ ਸੈਮੀਨਾਰ 'ਚ ਪੁੱਜੀਆਂ ਸਮੂਹ ਵਿਦਵਾਨ ਸ਼ਖਸ਼ੀਅਤਾਂ ਤੇ ਸੰਗਤਾਂ ਦਾ ਬਾਬਾ ਜੀ ਵੱਲੋਂ ਧੰਨਵਾਦ ਪ੍ਰਗਟ ਕੀਤਾ ਗਿਆ। ਉਨ੍ਹਾਂ ਨੇ ਉਕਤ ਸੈਮੀਨਾਰ ਅੰਦਰ ਆਪਣੀ ਵਿਸ਼ੇਸ਼ ਤੌਰ ਤੇ ਹਾਜ਼ਰੀ ਲੁਆਉਣ ਲਈ ਉਚੇਚੇ ਤੌਰ ਤੇ ਪੁੱਜੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਲੁਧਿਆਣੇ ਵਾਲੇ, ਸੈਮੀਨਾਰ ਦੀ ਪ੍ਰਧਾਨਗੀ ਕਰਨ ਲਈ ਪੁੱਜੇ ਡਾ. ਐਸ.ਪੀ ਸਿੰਘ ਸਾਬਕਾ ਵਾਇਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੇ ਸੈਮੀਨਾਰ ਵਿੱਚ ਆਪਣੇ ਵਿਚਾਰਾਂ ਦੀ ਸਾਂਝ ਸੰਗਤਾਂ ਨਾਲ ਕਰਨ ਲਈ ਪੁੱਜੇ ਉੱਘੇ ਸਿੱਖ ਵਿਦਵਾਨ ਤੇ ਬੁਲਾਰੇ ਡਾ.ਸੁਖਦਿਆਲ ਸਿੰਘ (ਪੰਜਾਬੀ ਯੂਨੀਵਰਸਿਟੀ ਪਟਿਆਲਾ), ਸਿੱਖ ਚਿੰਤਕ ਤੇ ਵਿਦਵਾਨ ਡਾ. ਅਨੁਰਾਗ ਸਿੰਘ ਲੁਧਿਆਣਾ, ਡਾ.ਗੁਰਮਤਿ ਸਿੰਘ ਸਿੱਧੂ, ਡਾ.ਡੀ.ਐਸ ਗਰੇਵਾਲ(ਉੱਘੇ ਸਿੱਖ ਇਤਿਹਾਸਕਾਰ ਤੇ ਲੇਖਕ), ਸ.ਗੁਰਮੀਤ ਸਿੰਘ(ਸਟੱਡੀ ਸਰਕਲ) ਸਮੇਤ ਪੁੱਜੀਆਂ ਸਮੂਹ ਸਿੱਖ ਵਿਦਵਾਨ ਸ਼ਖਸ਼ੀਅਤਾਂ, ਬੁੱਧੀਜੀਵੀਆਂ ਅਤੇ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਜਵੱਦੀ ਟਕਸਾਲ ਦੇ ਵੱਲੋ ਸਿੱਖ ਕੌਮ ਦੇ ਮਹਾਨ ਸੂਰਬੀਰ ਜਰਨੈਲ ਸ.ਜੱਸਾ ਸਿੰਘ ਰਾਮਗੜ੍ਹੀਆ ਨੂੰ ਆਪਣਾ ਸਿੱਜਦਾ ਤੇ ਸਤਿਕਾਰ ਅਰਪਿਤ ਕਰਨ ਹਿੱਤ ਆਯੋਜਿਤ ਕੀਤੇ ਗਏ ਵਿਸ਼ੇਸ਼ ਸੈਮੀਨਾਰ ਦਾ ਮੁੱਖ ਮਨੋਰਥ ਅਜੋਕੇ ਸਮੇਂ ਦੀ ਨੌਜਵਾਨ ਪੀੜ੍ਹੀ ਤੇ ਬੱਚਿਆਂ ਨੂੰ ਸਿੱਖ ਕੌਮ ਦੇ ਮਹਾਨ ਸੂਰਬੀਰ ਜਰਨੈਲਾਂ, ਯੋਧਿਆਂ ਦੀਆਂ ਕੁਰਬਾਨੀਆਂ ਅਤੇ ਸਿੱਖ ਮਿਸਲਾਂ ਦੇ ਵੱਲੋ ਗੁਰੂ ਗ੍ਰੰਥ ਤੇ ਗੁਰੂ ਪੰਥ ਦੀ ਚੜ੍ਹਦੀਕਲਾ ਲਈ ਆਪਣੀਆਂ ਨਿੱਜਾਂ ਨੂੰ ਛੱਡ ਕੇ ਸਿੱਖ ਕੌਮ ਦੇ ਭਲੇ ਲਈ ਤੇ ਖਾਲਸੇ ਦੇ ਝੰਡੇ ਨੂੰ ਬੁਲੰਦ ਕਰਨ ਲਈ ਪਾਏ ਗਏ ਮਹੱਤਵਪੂਰਨ ਯੋਗਦਾਨ ਤੋ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਆਪਣੇ ਇਤਿਹਾਸ ਤੋ ਸੇਧ ਲੈਣ ਦੀ ਪ੍ਰੇਣਾ ਦੇਣਾ ਸੀ। ਇਸੇ ਉਦੇਸ਼ ਦੀ ਪ੍ਰਾਪਤੀ ਲਈ ਗੁਰਪੁਰਵਾਸੀ ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ ਸੰਤ ਬਾਬਾ ਸੁਚਾ ਸਿੰਘ ਜੀ(ਬਾਨੀ ਜਵੱਦੀ ਟਕਸਾਲ)ਵੱਲੋ ਗੁਰਮਤਿ ਦੇ ਪ੍ਰਚਾਰ ਤੇ ਪ੍ਰਸਾਰ ਲਈ ਆਰੰਭ ਕੀਤੀ ਸੈਮੀਨਾਰਾਂ ਦੀ ਲੜੀ ਦੇ ਅੰਤਰਗਤ ਉਕਤ ਵਿਸ਼ੇਸ਼ ਸੈਮੀਨਾਰ ਜਵੱਦੀ ਟਕਸਾਲ ਵੱਲੋ ਆਯੋਜਿਤ ਕੀਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਨਿਰੰਤਰ ਜਾਰੀ ਰਹੇਗਾ ਤਾਂ ਕਿ ਸੰਗਤਾਂ ਆਪਣੇ ਬੋਧਿਕ ਗਿਆਨ ਵਿੱਚ ਵਾਧਾ ਕਰਕੇ ਗੁਰੂ ਦੇ ਸਿਧਾਂਤਾਂ ਤੇ ਸਿੱਖਿਆਵਾਂ ਤੋ ਜਾਣੂ ਹੋ ਸਕਣ। ਸੰਗਤ ਤੋਂ ਇਲਾਵਾ ਸੈਮੀਨਾਰ ਨੂੰ ਸਫਲ ਕਰਨ ਵਿੱਚ ਭਾਈ ਪਰਮਜੀਤ ਸਿੰਘ, ਡਾ. ਰਣਜੀਤ ਸਿੰਘ, ਅਮਰਜੀਤ ਸਿੰਘ ਟਿੱਕਾ, ਚਰਨਜੀਤ ਸਿੰਘ ਬੈਕ ਵਾਲੇ, ਭਾਈ ਗੁਰਪ੍ਰੀਤ ਸਿੰਘ ਤੁਰ, ਡਾ. ਹਰਮੀਤ ਕੌਰ, ਪ੍ਰਿਤਪਾਲ ਸਿੰਘ ਪਾਲੀ, ਸ. ਰਨਜੋਤ ਸਿੰਘ, ਸ. ਦਰਸ਼ਨ ਸਿੰਘ ਫਲਾਈ ਕਿੰਗ ਆਦਿ, ਸਮੂਹ ਸਖਸ਼ੀਅਤਾਂ, ਵੱਖ ਵੱਖ ਸੇਵਾ ਸੁਸਾਇਟੀਆਂ ਦੇ ਆਗੂਆਂ ਤੇ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋ ਮੁੜ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਜਵੱਦੀ ਟਕਸਾਲ ਹਮੇਸ਼ਾ ਮੋਹਰੀ ਹੋ ਕੇ ਸਿੱਖੀ ਦੇ ਪ੍ਰਚਾਰ ਵਿੱਚ ਇਸੇ ਤਰ੍ਹਾਂ ਆਪਣੀ ਸੇਵਾ ਨਿਭਾਉਦੀ ਰਹੇਗੀ।

# ਸੇਵਾਪੰਥੀ ਗੁਰਦੁਆਰਾ ਟਿਕਾਣਾ ਭਾਈ ਜਗਤਾ ਜੀ ਸਾਹਿਬ ਵਿਖੇ ਸਾਲਾਨਾ ਯੱਗ-ਭੰਡਾਰਾ ਸਫਲਤਾਪੂਰਵਕ ਸੰਪੰਨ





**ਲੁਧਿਆਣਾ (ਕਰਨੈਲ ਸਿੰਘ ਐੱਮ.ਏ.)** ਸੇਵਾਪੰਥੀ ਸੰਪਰਦਾਇ ਦੇ ਪ੍ਰਮੁੱਖ ਸੇਵਾ ਕੇਂਦਰ ਗੁਰਦੁ-ਆਰਾ ਟਿਕਾਣਾ ਭਾਈ ਜਗਤਾ ਜੀ ਸਾਹਿਬ, ਗੋਨਿਆਣਾ ਮੰਡੀ (ਬਠਿੰਡਾ) ਵਿਖੇ ਸ਼੍ਰੀਮਾਨ ਮਹੰਤ ਗੁਲਾਬ ਸਿੰਘ ਜੀ 'ਸੇਵਾਪੰਥੀ' ਦੀ 73ਵੀਂ ਬਰਸੀ ਅਤੇ ਸੰਤ ਭੁਪਿੰਦਰ ਸਿੰਘ ਜੀ 'ਸੇਵਾਪੰਥੀ' ਦੀ 20ਵੀਂ ਪਾਵਨ ਯਾਦ ਵਿੱਚ ਸਾਲਾਨਾ ਗੁਰ-ਮਤਿ ਸਮਾਗਮ ਅਤੇ ਯੱਗ-ਭੰਡਾਰਾ ਬੀਤੇ ਦਿਨੀਂ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਇਸ ਮੌਕੇ 14 ਸ਼੍ਰੀ ਅਖੰਡ-ਪਾਠਾਂ ਦੇ ਭੋਗ ਪਾਏ ਗਏ। ਭਾਈ ਪ੍ਰਿਤਪਾਲ ਸਿੰਘ ਜੀ ਹਜ਼ੂਰੀ ਰਾਗੀ ਨੇ ਤਿੰਨ ਦਿਨ ਅੰਮ੍ਰਿਤ ਵੇਲੇ ਨਾਮ-ਸਿਮਰਨ ਅਭਿਆਸ ਕਰਵਾਇਆ। ਸਮਾਗਮ ਵਿੱਚ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਜੀ ਸੱਚ-ਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗਗਨਦੀਪ ਸਿੰਘ ਜੀ ਗੰਗਾ ਨਗਰ, ਭਾਈ ਦਵਿੰਦਰ ਸਿੰਘ ਜੀ ਬਟਾਲਾ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਬਲਜੀਤ ਸਿੰਘ ਜੀ ਦਾਦੂਵਾਲ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਫੂਲਾ ਸਿੰਘ ਜੀ ਪਟਿਆਲਾ, ਗਿਆਨੀ ਅਜੈਪਾਲ ਸਿੰਘ ਜੀ ਵੈਦ ਬੱਸੀ ਪਠਾਣਾ, ਬਾਬਾ ਬਲਬੀਰ ਸਿੰਘ ਕੋਟ ਫੱਤਾ, ਭਾਈ ਜਸਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਡੇਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ, ਮਹੰਤ ਪ੍ਰਿਤਪਾਲ ਸਿੰਘ ਜੀ 'ਸੇਵਾਪੰਥੀ' ਹੁਸ਼ਿਆਰ-ਪੁਰ ਤੇ ਹੋਰ ਕੀਰਤਨੀ ਜਥਿਆਂ ਤੇ ਪ੍ਰਚਾਰਕਾਂ ਨੇ ਗੁਰਬਾਣੀ ਦੇ ਅੰਮ੍ਰਿਤਮਈ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਸੰਤ ਹਰਵਿੰਦਰ ਸਿੰਘ ਜੀ ਟੀਟੂ ਨੇ ਬੜੇ ਸੁਚੱਜੇ ਢੰਗ ਨਾਲ ਨਿਭਾਈ। ਸਮਾਗਮ ਦੌਰਾਨ ਦੰਦਾਂ ਦਾ ਮੁਫਤ ਕੈਂਪ ਲਾਇਆ ਗਿਆ। ਕੈਂਪ ਦਾ ਉਦਘਾਟਨ ਮਹੰਤ ਕਾਹਨ ਸਿੰਘ ਜੀ 'ਸੇਵਾਪੰਥੀ' ਨੇ ਅਰਦਾਸ ਕਰਕੇ ਕੀਤਾ। ਡਾ: ਗੁਰਇੰਦਰਮੋਹਨ ਸਿੰਘ ਤੇ ਉਹਨਾਂ ਦੀ ਸਮੁੱਚੀ ਟੀਮ ਨੂੰ ਮਹੰਤ ਕਾਹਨ ਸਿੰਘ ਜੀ ਨੇ ਸਿਰੋਪਾਓ ਤੇ ਪ੍ਰਸ਼ਾਦ ਦੇ ਕੇ ਸਨਮਾਨਿਤ ਕੀਤਾ। ਕੈਂਪ ਵਿੱਚ 128 ਮਰੀਜਾਂ ਦੇ ਦੰਦਾਂ ਦਾ ਇਲਾਜ ਕੀਤਾ ਗਿਆ ਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਸਮਾਗਮ ਦਾ ਸਿੱਧਾ ਪ੍ਰਸਾਰਣ ਮਿਸਟਰ ਸਿੰਘ ਪ੍ਰੋਡਕਸ਼ਨ ਦੇ ਯੂ ਟਿਊਬ ਚੈਨਲ ਰਾਹੀਂ ਕੀਤਾ ਗਿਆ। ਗੁਰੂ ਕਾ ਲੰਗਰ ਦੇ ਨਾਲ-ਨਾਲ ਚਾਹ, ਲੱਸੀ, ਆਲੂਆਂ ਦਾ ਠੰਡਾ ਰਾਇਤਾ, ਕੁਲਫੀਆਂ, ਗੋਲਗੱਪਿਆਂ ਅਤੇ ਜਲੇਬੀਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਮਹੰਤ ਕਾਹਨ ਸਿੰਘ 'ਸੇਵਾਪੰਥੀ' ਵੱਲੋਂ ਸੰਤ ਹਰਵਿੰਦਰ ਸਿੰਘ ਟੀਟੂ ਨੇ ਰਾਗੀ ਜਥਿਆਂ, ਪ੍ਰਚਾਰਕਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ।

# 'ਪੰਜਾਬ ਸਰਕਾਰ ਅੰਮ੍ਰਿਤਸਰ ਵਿਖੇ ਕੁੱਤਿਆਂ ਦੀ ਨਸਬੰਦੀ ਕਰਨ ਲਈ 3.19 ਕਰੋੜ ਰੁਪਏ ਖਰਚੇਗੀ'



**ਚੰਡੀਗੜ੍ਹ ।** ਪੰਜਾਬ ਸਰਕਾਰ ਨੇ ਨਗਰ ਨਿਗਮ ਅੰਮ੍ਰਿਤਸਰ ਵਿੱਚ ਕੁੱਤਿਆਂ ਦੀ ਨਸਬੰਦੀ ਲਈ 3.19 ਕਰੋੜ ਰੁਪਏ ਦਾ ਨਿਵੇਸ਼ ਕਰਕੇ ਆਪਣੇ ਵਸਨੀਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਅਹਿਮ ਕਦਮ ਚੁੱਕਿਆ ਹੈ। ਇਹ ਐਲਾਨ ਅੱਜ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ: ਇੰਦਰਬੀਰ ਸਿੰਘ ਨਿੱਜਰ ਨੇ ਕੀਤਾ। ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ, ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਨਗਰ ਨਿਗਮ ਅੰਮ੍ਰਿਤਸਰ ਵਿਖੇ 20,000 ਕੁੱਤਿਆਂ ਦੀ ਨਸਬੰਦੀ ਕੀਤੀ ਜਾਵੇਗੀ, ਜਿਸ 'ਤੇ ਲਗਭਗ 3.19 ਕਰੋੜ ਰੁਪਏ ਦੀ ਲਾਗਤ ਆਵੇਗੀ। ਇਹ ਕਦਮ ਪਸ਼ੂ ਭਲਾਈ ਅਤੇ ਜਨਤਕ ਸੁਰੱਖਿਆ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਹਿੱਸਾ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਨੇ ਅੰਮ੍ਰਿਤਸਰ ਵਿਖੇ 20 ਹਜ਼ਾਰ ਕੁੱਤਿਆਂ ਦੀ ਨਸਬੰਦੀ ਕਰਨ ਦੀ ਇਸ ਪਹਿਲ ਕਦਮੀ ਲਈ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ। ਡਾ. ਇੰਦਰਬੀਰ ਸਿੰਘ ਨਿੱਜਰ ਨੇ ਜ਼ੋਰ ਦੇ ਕੇ ਕਿਹਾ ਕਿ ਨਸਬੰਦੀ ਪ੍ਰੋਜੈਕਟ ਦਾ ਉਦੇਸ਼ ਪੰਜਾਬ ਵਾਸੀਆਂ ਦੇ ਜੀਵਨ ਨੂੰ ਹੋਰ ਸੁਰੱਖਿਅਤ ਬਣਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲਕਦਮੀ ਮੁੱਖ ਮੰਤਰੀ ਭਗਵੰਤ ਮਾਨ ਦੇ ਇੱਕ ਸੁਰੱਖਿਅਤ ਅਤੇ ਵਧੇਰੇ ਖੁਸ਼ਹਾਲ ਪੰਜਾਬ ਦੀ ਸਿਰਜਣਾ ਦੇ ਵਿਜ਼ਨ ਦੇ ਅਨੁਸਾਰ ਹੈ। ਪੰਜਾਬ ਸਰਕਾਰ ਦਾ ਅੰਮ੍ਰਿਤਸਰ ਵਿੱਚ ਕੁੱਤਿਆਂ ਦੀ ਨਸਬੰਦੀ ਵਿੱਚ ਨਿਵੇਸ਼ ਕਰਨ ਦਾ ਫੈਸਲਾ ਆਵਾਰਾ ਕੁੱਤਿਆਂ ਦੀ ਆਬਾਦੀ ਨੂੰ ਕੰਟਰੋਲ ਕਰਨ ਅਤੇ ਇੱਥੋਂ ਦੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵੱਲ ਇੱਕ ਸ਼ਲਾਘਾਯੋਗ ਕਦਮ ਹੈ। ਇਸ ਪਹਿਲਕਦਮੀ ਦਾ ਖੇਤਰ ਵਿੱਚ ਮਨੁੱਖਾਂ ਅਤੇ ਜਾਨਵਰਾਂ ਦੋਵਾਂ ਦੀ ਸਿਹਤ ਅਤੇ ਤੰਦਰੁਸਤੀ 'ਤੇ ਸਕਾਰਾਤਮਕ ਪ੍ਰਭਾਵ ਪੈਣ ਦੀ ਉਮੀਦ ਹੈ।

www.lokbani.com
Email : Lokbani08@gmail.com

# ਸ਼੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਫਤਾਵਾਰੀ ਕੀਰਤਨ ਸਮਾਗਮ ਆਯੋਜਿਤ

**ਲੁਧਿਆਣਾ (ਕਰਨੈਲ ਸਿੰਘ ਐੱਮ ਏ)** ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਵੱਲੋਂ ਅੱਜ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਲੁਧਿਆਣਾ ਵਿਖੇ ਦੂਜੀ ਪਾਤਸ਼ਾਹੀ ਸਾਹਿਬ ਸ਼੍ਰੀ ਗੁਰੂ ਅਗੰਦ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੂਰੀ ਸ਼ਰਧਾ ਭਾਵਨਾ ਦੇ ਨਾਲ ਹਫਤਾਵਾਰੀ ਕੀਰਤਨ ਸਮਾਗਮ ਕਰਵਾਇਆ ਗਿਆ।ਕੀਰਤਨ ਸਮਾਗਮ ਅੰਦਰ ਆਪਣੇ ਕੀਰਤਨੀ ਜੱਥੇ ਸਮੇਤ ਪੁੱਜੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਨਵਨੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਜਿੱਥੇ ਸੰਗਤਾਂ ਨੂੰ ਨਿਹਾਲ ਕੀਤਾ, ਉੱਥੇ ਨਾਲ ਹੀ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਸਾਹਿਬ ਸ਼੍ਰੀ ਗੁਰੂ ਅੰਗਦ ਦੇਵ ਜੀ ਵੱਲੋਂ ਉਚਰੀ ਬਾਣੀ ਮੂਨੱਖੀ ਜੀਵਨ ਦਾ ਮੂਲ ਸਰੋਤ ਹੈ। ਜਿਸ ਦੇ ਸਿਮਰਨ ਨਾਲ ਸਾਰੇ ਦੁੱਖ ਦਰਦ ਦੂਰ ਹੋ ਜ਼ਾਦੇ ਹਨ ਅਤੇ ਮੁਨੱਖ ਨੂੰ ਅਧਿਆਤਮਕ ਤੇ ਰੂਹਾਨੀਅਤ ਸਕੂਨ ਦੀ ਪ੍ਰਾਪਤੀ ਹੁੰਦੀ ਹੈ। ਉਨ੍ਹਾਂ ਨੇ ਕਿਹਾ ਕਿ ਸ਼ੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸਵ. ਜੱਥੇਦਾਰ ਅਵਤਾਰ ਸਿੰਘ ਮੱਕੜ ਜੀ ਦੀ ਪ੍ਰੇਰਨਾ ਅਤੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਨਿੱਘੇ ਸਹਿਯੋਗ ਨਾਲ ਪਿਛਲੇ ਕਈ ਸਾਲਾਂ ਤੋਂ ਨਿੰਰਤਰ ਚਲ ਰਹੀ ਹਫਤਾ ਵਾਰੀ ਕੀਰਤਨ ਸਮਾਗਮ ਦੀ ਲੜੀ ਸੰਗਤਾਂ ਦੇ ਲਈ ਪ੍ਰੇਰਨਾ ਦਾ ਸਰੋਤ ਬਣ ਚੁੱਕੀ ਹੈ।ਇਸ ਦੋਰਾਨ ਸੁਸਾਇਟੀ ਦੇ



ਮੁੱਖ ਸੇਵਾਦਾਰ ਸ. ਭੁਪਿੰਦਰ ਸਿੰਘ ਨੇ ਆਪਣੇ ਵਿਚਾਰਾਂ ਦੀ ਸਾਂਝ ਸੰਗਤਾਂ ਨਾਲ ਕਰਦਿਆਂ ਜਿੱਥੇ ਉਨ੍ਹਾਂ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਉੱਥੇ ਨਾਲ ਹੀ ਜਾਣਕਾਰੀ ਦਿੱਤੀ ਕਿ ਅਗਲੇ ਹਫਤਾਵਾਰੀ ਕੀਰਤਨ ਸਮਾਗਮ ਅੰਦਰ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਰਾਜਦੀਪ ਸਿੰਘ ਕਨੇਡਾ ਵਾਲੇ ਅਤੇ ਭਾਈ ਅਮਰਦੀਪ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ।ਇਸ ਦੌਰਾਨ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸਾਝੇ ਤੌਰ ਤੇ ਕੀਰਤਨੀ ਜੱਥੇ ਦੇ ਸਮੂਹ ਮੈਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਗੁਰਦੁ-ਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਦੇ ਪ੍ਰਧਾਨ ਸ.ਇੰਦਰਜੀਤ ਸਿੰਘ ਮੱਕੜ ਜਤਿੰਦਰਪਾਲ ਸਿੰਘ ਸਲੂਜਾ, ਬਲਬੀਰ ਸਿੰਘ ਭਾਟੀਆ, ਕਰਨੈਲ ਸਿੰਘ ਬੇਦੀ, ਪ੍ਰਿਤਪਾਲ ਸਿੰਘ , ਜਗਬੀਰ ਸਿੰਘ ਡੀ.ਜੀ.ਐਮ , ਪਰਮਿੰਦਰ ਸਿੰਘ, ਸੁਰਿੰਦਰਪਾਲ ਸਿੰਘ ਭੁਟਿਆਨੀ, ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ, ਸੁਰਿੰ-ਦਰ ਸਿੰਘ ਸਚਦੇਵਾ,ਇੰਦਰਪਾਲ ਸਿੰਘ ਕਾਲੜਾ, ਕਮਲਦੀਪ ਸਿੰਘ ਕਾਲੜਾ,ਹਰਕੀਰਤ ਸਿੰਘ ਬਾਵਾ, ਰਜਿੰਦਰ ਸਿੰਘ ਮੱਕੜ, ਜਗਦੇਵ ਸਿੰਘ ਕਲਸੀ,ਮਹਿੰਦਰ ਸਿੰਘ ਡੰਗ, ਜਗਜੀਤ ਸਿੰਘ ਆਹੂਜਾ ,ਅੱਤਰ ਸਿੰਘ ਮੱਕੜ,ਰਜ਼ਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ ,ਜਸਬੀਰ ਸਿੰਘ,ਗੁਰਦੀਪ ਸਿੰਘ ਡੀਮਾਰਟੇ ,ਅਵਤਾਰ ਸਿੰਘ ਮਿੱਡਾ, ਸਰਪੰਚ ਗੁਰਚਰਨ ਸਿੰਘ, ਰਣਜੀਤ ਸਿੰਘ ਖਾਲਸਾ, ਏ.ਪੀ. ਸਿੰਘ ਅਰੋੜਾ, ਗੁਰਪ੍ਰੀਤ ਸਿੰਘ ਪ੍ਰਿੰਸ, ਸੁਖਪ੍ਰੀਤ ਸਿੰਘ ਮਨੀ, ਬਾਦਸ਼ਾਹ ਦੀਪ ਸਿੰਘ,ਕਰਨਦੀਪ ਸਿੰਘ, ਮਨਜੀਤ ਸਿੰਘ ਟੋਨੀ, ਬਲ ਫਤਹਿ ਸਿੰਘ , ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਸਰਕਾਰੀ ਦਫਤਰਾਂ ਦੇ ਸਮੇਂ "ਚ ਤਬਦੀਲੀ ਦਾ ਫੈਸਲਾ ਸ਼ਲਾਘਾਯੋਗ ਉਪਰਾਲਾ:ਵਿਧਾਇਕ ਸੰਤੋਸ਼ ਕਟਾਰੀਆ



**ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਗੁਰਪ੍ਰੀਤ ਵਾਸੂ)** ਸਰਕਾਰੀ ਦਫਤਰਾ ਦਾ ਸਮ੍ਹਾਂ ਗਰਮੀ ਦੇ ਇਸ ਮੌਸਮ ਵਿੱਚ 2 ਮਈ ਤੋਂ ਤਬਦੀਲ ਕਰਕੇ ਜੋ ਸਵੇਰੇ 7:30 ਵਜੇਂ ਖੁੱਲਣ ਅਤੇ 2 ਵਜੇਂ ਬੰਦ ਕੀਤੇ ਜਾਣ ਦੇ ਫੁਰਮਾਨ ਨਾਲ ਬਿਜਲੀ ਦੀ ਬੱਚਤ ਦੇ ਇਸ ਨਿਵੇਕਲੇ ਫਾਰਮੂਲੇ ਨਾਲ ਜਿੱਥੇ ਬਿਜਲੀ ਦੀ ਬੱਚਤ ਹੋਵੇਗੀ ਉਥੇ ਹੀ ਲੋਕਾਂ ਨੂੰ ਵੀ ਗਰਮੀ ਤੋਂ ਰਾਹਤ ਮਿਲੇਗੀ । ਇਹਨਾਂ ਵਿਚਕਾਰਾ ਦਾ ਪ੍ਰਗਟਾਵਾ ਪੱਤਰਕਾਰ ਨਾਲ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਵਲੋਂ ਕੀਤਾ ਗਿਆ ।ਵਿਧਾਇਕਾ ਕਟਾਰੀਆ ਨੇ ਅੱਗੇ ਆਖਿਆ ਕਿ ਆਮ ਆਦਮੀ ਪਾਰਟੀ ਦਾ ਮੁੱਖ ਏਜੰਡਾ ਹੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਾ ਹੈ ਅਤੇ ਪੰਜਾਬ ਨੂੰ ਖੁਸ਼ਹਾਲੀ ਵੱਲ ਤੋਰਨਾ ਹੈ। ਉਹਨਾ ਆਖਿਆ ਕਿ ਇਸ ਗੱਲ ਤੋਂ ਇਨਕਾਰ ਨਹੀ ਕੀਤਾ ਜਾ ਸਕਦਾ ਕਿ ਗਰਮੀ ਦੇ ਵੱਧਣ ਨਾਲ ਬਿਜਲੀ ਦੀ ਖਪਤ ਵਿੱਚ ਵੀ ਵਾਧਾ ਹੁੰਦਾ ਹੈ । ਅਜਿਹੇ ਹਾਲਤਾ ਨਾਲ ਨਜਿੱਠਣ ਲਈ ਅਤੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਵਾਉਣ ਲਈ ਨਿਰਵਿਘਨ ਬਿਜਲੀ ਸਪਲਾਈ ਦੇਣ ਦੀ ਵਚਨਵੱਧਤਾ ਨੂੰ ਪੂਰਾ ਕੀਤੇ ਜਾਣ ਲਈ ਲੋਕ ਹਿਤੈਸੀ ਭਗਵੰਤ ਸਿੰਘ ਮਾਨ ਵਲੋਂ ਸਰਕਾਰੀ ਦਫਤਰਾ ਦਾ ਸਮ੍ਹਾਂ ਤਬਦੀਲ ਕਰਕੇ ਸਵੇਰੇ ਸਾਢੇ ਸੱਤ ਵਜੇ ਖੁੱਲਣ ਅਤੇ 2 ਵਜੇਂ ਬੰਦ ਕੀਤੇ ਜਾਣ ਦਾ ਜੋ ਫੈਸਲਾ ਲਿਆ ਹੈ ਨਾਲ ਲੋਕਾਂ ਨੂੰ ਜਿੱਥੇ ਸਰਕਾਰੀ ਦਫਤਰਾ ਵਿੱਚ ਆਪਣੇ ਕੰਮ ਕਾਰ ਕਰਾਉਣ ਲਈ ਕੜਦੀ ਧੁੱਪ ਵਿੱਚ ਆਉਣ ਜਾਣ ਤੋਂ ਰਾਹਤ ਮਿਲੇਗੀ ਉਥੇ ਹੀ ਸਰਕਾਰੀ ਦਫਤਰਾ ਦੇ 2 ਵਜੇਂ ਬੰਦ ਹੋਣ ਕਾਰਨ ਬਿਜਲੀ ਖਪਤ ਦੀ ਵੀ ਵੱਡੀ ਬੱਚਤ ਹੋਵੇਗੀ ਕਿਉਂਕਿ ਦਫਤਰਾ ਵਿੱਚ ਵੱਡੀ ਗਿਣਤੀ ਵਿੱਚ ਪੱਖੇ , ਕੂਲਰ ਅਤੇ ਏਸੀ ਚੱਲਦੇ ਹੋਣ ਕਾਰਨ ਗਰਮੀ ਦੇ ਮੌਸਮ ਵਿੱਚ ਬਿਜਲੀ ਖਪਤ ਵੱਧ ਜਾਂਦੀ ਹੈ ਅਤੇ ਹੁਣ ਦਫਤਰ 2 ਵਜੇਂ ਬੰਦ ਹੋਣ ਕਾਰਨ ਇਹ ਖਪਤ ਨਹੀ ਹੋਵੇਗੀ , ਜਦ ਕਿ ਲੋਕਾਂ ਦੇ ਕੰਮ ਕਾਜ ਆਮ ਦਿਨਾਂ ਵਾਂਗੂ ਹੀ ਬਦਸਤੂਰ ਜਾਰੀ ਰਹਿਣਗੇ ।ਉਹਨਾਂ ਆਖਿਆ ਕਿ ਇਹ ਫੈਸਲਾ ਮੁਲਾਜਮ ਵਰਗ ਲਈ ਵੀ ਗਰਮੀ ਦੇ ਇਸ ਮੌਸਮ ਵਿੱਚ ਕਿਸੇ ਵਰਦਾਨ ਤੋਂ ਘੱਟ ਨਹੀ ਹੋਵੇਗਾ ਕਿਉਕਿ ਦਿਨ ਪ੍ਰਤੀ ਦਿਨ ਗਰਮੀ ਦਾ ਪ੍ਰਕੋਪ ਵੱਧਦਾ ਜਾ ਰਿਹਾ ਹੈ ਅਤੇ ਇਸ ਆਲਮੀਂ ਤਪਸ਼ ਵਿੱਚ ਮੁਲਾਜਮ ਵੀ ਸਮੇਂ ਦਫਤਰ ਬੰਦ ਹੋਣ ਕਾਰਨ ਸਮੇਂ ਸਿਰ ਆਪਣੇ ਘਰ ਜਾ ਕੇ ਗਰਮੀ ਤੋਂ ਆਪਣਾ ਬਚਾਅ ਕਰ ਸਕਣਗੇ ।ਅਖੀਰ ਵਿੱਚ ਆਪ ਦੇ ਜ਼ਿਲਾ ਮੀਡੀਆ ਇੰਚਾਰਜ ਚੰਦਰ ਮੋਹਨ ਜੇਡੀ ਨੇ ਲੋਕਾਂ ਨੂੰ ਅਪੀਲ ਕਰਦਿਆ ਆਖਿਆ ਕਿ ਸਰਕਾਰ ਦੀਆਂ ਕੋਸ਼ਿਸਾ ਵੀ ਉਦੋਂ ਹੀ ਪੂਰੀ ਤਰ੍ਹਾਂ ਸਫਲ ਹੋ ਸਕਦੀਆ ਹਨ ਜਦੋਂ ਆਮ ਲੋਕ ਵੀ ਇੰਝ ਹੀ ਬਿਜਲੀ ਬਚਾਉਣ ਲਈ ਅੱਗੇ ਆਉਣ । ਇਸ ਲਈ ਸਾਨੂੰ ਸਾਰਿਆ ਨੂੰ ਵੀ ਬਿਜਲੀ ਦੀ ਬੱਚਤ ਵਿੱਚ ਕਰਨ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਇਸ ਦੀ ਫਜ਼ੂਲ ਵਰਤੋਂ ਬੰਦ ਕਰਨੀ ਚਾਹੀਦੀ ਹੈ।

## ਦੋ ਰੋਜ਼ਾ ਰੱਖਿਆ ਪ੍ਰਦਰਸ਼ਨੀ ਸਮਾਪਤ ਹੋਈ

**ਚੰਡੀਗੜ੍ਹ ( ਲੋਕ ਬਾਣੀ)** ਅਥਰਵ ਫਾਊਂਡੇਸ਼ਨ ਵੱਲੋਂ ਆਯੋਜਿਤ ਦੋ ਰੋਜ਼ਾ ਰੱਖਿਆ ਪ੍ਰਦਰਸ਼ਨੀ ਅੱਜ ਕੋਰਾ ਕੇਂਦਰ ਗਰਾਊਂਡ, ਬੋਰੀਵਲੀ ਮੁੰਬਈ ਵਿਖੇ ਸਮਾਪਤ ਹੋਈ।ਇਸ ਮੌਕੇ ਅਥਰਵ ਫਾਊਂਡੇਸ਼ਨ ਦੇ ਪ੍ਰਧਾਨ ਅਤੇ ਬੋਰੀਵਲੀ ਦੇ ਵਿਧਾਇਕ ਸੁਨੀਲ ਰਾਣੇ ਸਮੇਤ ਰੱਖਿਆ ਬਲਾਂ ਦੇ ਸੀਨੀਅਰ ਅਧਿਕਾਰੀ ਅਤੇ ਕਈ ਉੱਘੇ ਅਤੇ ਸੇਵਾਮੁਕਤ ਅਧਿਕਾਰੀ ਮੌਜੂਦ ਸਨ। ਪ੍ਰਦਰਸ਼ਨੀ ਵਿੱਚ ਭਾਰਤੀ ਰੱਖਿਆ ਬਲਾਂ ਦੇ ਅਤਿ-ਆਧੁਨਿਕ ਰੱਖਿਆ ਉਪਕਰਨਾਂ ਦੀ ਪ੍ਰਦਰਸ਼ਨੀ ਲਗਾਈ ਗਈ ਅਤੇ ਰੱਖਿਆ ਬਲਾਂ ਵਿੱਚ ਮੌਜੂਦ ਮੌਕਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਫੌਜੀਆਂ ਦੀ ਬਹਾਦਰੀ ਦੀਆਂ ਅਣਗਿਣਤ ਕਹਾਣੀਆਂ ਨੂੰ ਆਡੀਓ-ਵਿਜ਼ੂਅਲ ਰਾਹੀਂ ਬਿਆਨ ਕੀਤਾ ਗਿਆ ਅਤੇ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਅਥਰਵ ਫਾਊਂਡੇਸ਼ਨ ਵੱਲੋਂ ਸ਼ਹੀਦ ਜਵਾਨਾਂ ਦੀਆਂ ਬੇਟੀਆਂ ਨੂੰ ਸਿੱਖਿਆ ਲਈ ਮੁਫਤ ਲੈਪਟਾਪ ਵੀ ਵੰਡੇ ਗਏ। ਪ੍ਰਦਰਸ਼ਨੀ ਦਾ ਅਨੁਭਵ ਕਰਨ ਵਾਲੇ ਹਰ ਕੋਈ ਫੌਜ ਦੁਆਰਾ ਸ਼ਾਨਦਾਰ ਪ੍ਰਦਰਸ਼ਨੀ ਦੁਆਰਾ ਮੰਤਰਮੁਗਧ ਹੋ ਗਿਆ। ਦੇਸ਼ ਭਗਤੀ ਦੇ ਗੀਤਾਂ ਨੇ ਹਰ ਕਿਸੇ ਦੇ ਦਿਲ ਨੂੰ ਭਾਰਤ ਲਈ ਸਤਿਕਾਰ ਅਤੇ ਪਿਆਰ ਨਾਲ ਭਰ ਦਿੱਤਾ। ਅਥਰਵ ਫਾਊਂਡੇਸ਼ਨ ਦੇ ਵਲੰਟੀਅਰਾਂ ਨੇ ਵੱਖ-ਵੱਖ ਸਕੂਲਾਂ, ਕਾਲਜਾਂ, ਸੁਸਾਇਟੀਆਂ, ਪਾਰਕਾਂ ਦਾ ਦੌਰਾ ਕਰਕੇ ਲੋਕਾਂ ਨੂੰ ਪ੍ਰੋਗਰਾਮ ਬਾਰੇ ਜਾਣੂ ਕਰਵ-ਾਇਆ ਅਤੇ ਸੱਦਾ ਦਿੱਤਾ।









www.lokbani.com
Email : Lokbani08@gmail.com

# ਮੰਡੀ ਗੋਬਿੰਦਗੜ੍ਹ 'ਚ 50 ਲੱਖ ਦੀ ਲੁੱਟ : ਮੋਟਰਸਾਇਕਲ ਸਵਾਰ ਲੁਟੇਰਿਆਂ ਨੇ ਵਾਰਦਾਤ ਨੂੰ ਦਿੱਤਾ ਅੰਜਾਮ

**ਮੰਡੀ ਗੋਬਿੰਦਗੜ੍ਹ ।** ਪੰਜਾਬ ਦੇ ਮੰਡੀ ਗੋਬਿੰਦਗੜ੍ਹ 'ਚ ਸ਼ਰਾਰਤੀ ਅਨਸਰਾਂ ਨੇ ਇਕ ਲੋਹਾ ਵਪਾਰੀ ਦੇ ਦਫਤਰ 'ਚ ਹਥਿਆਰਾਂ ਦੀ ਨੋਕ 'ਤੇ 50 ਲੱਖ ਰੁਪਏ ਲੁੱਟ ਲਏ। ਲੁਟੇਰੇ ਦੁਕਾਨ ਤੋਂ ਸੀਸੀਟੀਵੀ ਦਾ ਡੀਵੀਆਰ ਵੀ ਲੈ ਗਏ ਪਰ ਲੁਟੇਰੇ ਇਲਾਕੇ ਵਿੱਚ ਲੱਗੇ ਕੈਮਰਿਆਂ ਵਿੱਚ ਕੈਦ ਹੋ ਗਏ। ਘਟਨਾ ਮੋਤੀਆ ਖਾਨ ਇਲਾਕੇ ਦੀ ਹੈ। 4 ਬਦਮਾਸ਼ਾਂ ਨੇ ਪਹਿਲਾਂ ਸ਼੍ਰੀ ਕ੍ਰਿਸ਼ਨਾ ਅਲੌਏ ਸਟੀਲ ਦੇ ਦਫਤਰ ਦੀ ਰੇਕੀ ਕੀਤੀ। ਇਸ ਤੋਂ ਬਾਅਦ 4 ਬਦਮਾਸ਼ ਹਥਿਆਰਾਂ ਨਾਲ ਅੰਦਰ ਦਾਖਲ ਹੋਏ। ਉਨ੍ਹਾਂ ਉੱਥੇ ਮੌਜੂਦ ਵਿਅਕਤੀ ਦੀ ਕੁੱਟਮਾਰ ਕੀਤੀ ਅਤੇ ਨਕਦੀ ਲੁੱਟ ਲਈ। ਪੁਲਿਸ ਉਨ੍ਹਾਂ ਤੱਕ ਨਹੀਂ ਪਹੁੰਚ ਸਕੀ, ਇਸ ਲਈ ਉਨ੍ਹਾਂ ਨੇ ਦੁਕਾਨ ਵਿੱਚ ਲੱਗੇ ਸੀਸੀਟੀਵੀ ਕੈਮਰੇ ਦਾ ਡੀਵੀਆਰ ਉਤਾਰ ਦਿੱਤਾ। ਨਕਦੀ ਲੁੱਟਣ ਤੋਂ ਬਾਅਦ ਚਾਰੇ ਬਾਈਕ 'ਤੇ ਫਰਾਰ ਹੋ ਗਏ। ਨੇੜੇ ਲੱਗੇ ਸੀਸੀਟੀਵੀ ਵਿੱਚ ਨੌਜਵਾਨ ਨੂੰ ਜਾਂਦੇ ਹੋਏ ਦੇਖਿਆ



ਗਿਆ। ਘਟਨਾ ਦੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ। ਐਸਐਸਪੀ ਡਾਕਟਰ ਰਵਜੋਤ ਕੌਰ ਨੇ ਦੱਸਿਆ ਕਿ ਲੁੱਟ ਦੀ ਵਾਰਦਾਤ ਬੰਦੂਕ ਦੀ ਨੋਕ 'ਤੇ ਕੀਤੀ ਗਈ ਹੈ। ਸੂਚਨਾ ਮਿਲਦੇ ਹੀ ਪੁਲਸ ਟੀਮ ਮੌਕੇ 'ਤੇ ਪਹੁੰਚ ਗਈ। ਆਸਪਾਸ ਦੇ ਇਲਾਕਿਆਂ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਇਨ੍ਹਾਂ ਦੀ ਪਛਾਣ ਕੀਤੀ ਜਾ ਰਹੀ ਹੈ। ਜਲਦੀ ਹੀ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ।


# ਯਾਤਰੀਆਂ ਨੂੰ ਲੈ ਕੇ ਜਾ ਰਹੀ ਟਰੇਨ ਨੂੰ ਲੱਗੀ ਭਿਆਨਕ ਅੱਗ



**ਰਤਲਾਮ।** ਮੱਧ ਪ੍ਰਦੇਸ਼ ਦੇ ਰਤਲਾਮ ਤੋਂ ਇੰਦੌਰ ਲਈ ਰਵਾਨਾ ਹੋਈ ਡੇਮੂ ਟਰੇਨ ਦੇ ਦੋ ਡੱਬਿਆਂ ਵਿੱਚ ਐਤਵਾਰ ਸਵੇਰੇ ਪ੍ਰੀਤਮ ਨਗਰ ਰੇਲਵੇ ਸਟੇਸ਼ਨ 'ਤੇ ਅੱਗ ਲੱਗ ਗਈ। ਹਾਦਸੇ ਵਿੱਚ ਕਿਸੇ ਯਾਤਰੀ ਦੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਹੈ। ਸਾਰੇ ਯਾਤਰੀ ਸੁਰੱਖਿਅਤ ਹੇਠਾਂ ਉਤਰ ਗਏ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਅੱਗ ਲੱਗਣ ਦੀ ਘਟਨਾ ਸਵੇਰੇ 7 ਵਜੇ ਦੇ ਕਰੀਬ ਵਾਪਰੀ। ਸੂਚਨਾ ਮਿਲਦੇ ਹੀ ਰੇਲਵੇ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਫਾਇਰ ਬ੍ਰਿਗੇਡ ਵੀ ਮੌਕੇ 'ਤੇ ਪਹੁੰਚ ਗਈ। ਰੇਲਵੇ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਸਾਰੇ ਯਾਤਰੀ ਸੁਰੱਖਿਅਤ ਹਨ। ਟਰੇਨ ਦੇ ਡਰਾਈਵਿੰਗ ਕੋਚ 'ਚ ਅੱਗ ਲੱਗ ਗਈ, ਜਿਸ 'ਤੇ ਕਾਬੂ ਪਾ ਲਿਆ ਗਿਆ ਹੈ ਅਤੇ ਹਾਦਸੇ 'ਚ ਦੋ ਬੋਗੀਆਂ ਸੜ ਗਈਆਂ ਹਨ। ਅੱਗ ਲੱਗਣ ਦੀ ਘਟਨਾ ਤੋਂ ਬਾਅਦ ਰੇਲਵੇ ਵਿਭਾਗ ਯਾਤਰੀਆਂ ਲਈ ਹੋਰ ਰੇਲਗੱਡੀ ਦਾ ਪ੍ਰਬੰਧ ਨਹੀਂ ਕਰ ਸਕਦਾ। ਇਸ ਕਾਰਨ ਯਾਤਰੀ ਖੁਦ ਆਪਣਾ ਸਾਮਾਨ ਲੈ ਕੇ ਰੇਲਵੇ ਸਟੇਸ਼ਨ ਨੇੜੇ ਰੱਤਾਗਿਰੀ ਫੋਰਲੇਨ 'ਤੇ ਪੁੱਜੇ ਅਤੇ ਵੱਖ-ਵੱਖ ਤਰੀਕਿਆਂ ਨਾਲ ਆਪਣੀ ਮੰਜ਼ਿਲ ਵੱਲ ਰਵਾਨਾ ਹੋ ਗਏ। ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਲਈ ਰੇਲਵੇ ਵਿਭਾਗ ਦੀ ਟੀਮ ਮੌਕੇ 'ਤੇ ਪਹੁੰਚ ਗਈ ਹੈ। ਇਸ ਘਟਨਾ ਕਾਰਨ ਕੁਝ ਸਮੇਂ ਲਈ ਹੋਰ ਰੇਲ ਗੱਡੀਆਂ ਵੀ ਪ੍ਰਭਾਵਿਤ ਹੋਈਆਂ।

# ਮਹਾਰਾਸ਼ਟਰ ਦੀ ਸ਼ਿੰਦੇ ਸਰਕਾਰ ਸਿਰਫ 15-20 ਦਿਨਾਂ ਦੀ ਮਹਿਮਾਨ: ਸੰਜੈ ਰਾਊਤ

**ਜਲਗਾਓਂ (ਮਹਾਰਾਸ਼ਟਰ)** ਸ਼ਿਵ ਸੈਨਾ (ਊਧਵ ਬਾਲ ਠਾਕਰੇ) ਨੇਤਾ ਸੰਜੈ ਰਾਊਤ ਨੇ ਅੱਜ ਦਾਅਵਾ ਕੀਤਾ ਕਿ ਏਕਨਾਥ ਸ਼ਿੰਦੇ ਅਗਵਾਈ ਵਾਲੀ ਮਹਾਰਾਸ਼ਟਰ ਸਰਕਾਰ ਦਾ ''ਡੈੱਥ ਵਾਰੰਟ'' ਜਾਰੀ ਹੋ ਚੁੱਕਾ ਹੈ ਅਤੇ ਇਹ ਅਗਲੇ 15-20 ਦਿਨਾਂ ਵਿੱਚ ਹੀ ਡਿੱਗ ਪਵੇਗੀ।



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜ ਸਭਾ ਮੈਂਬਰ ਨੇ ਆਖਿਆ ਕਿ ਉਨ੍ਹਾਂ ਦੀ ਪਾਰਟੀ ਸਿਖਰਲੀ ਅਦਾਲਤ ਦੇ ਹੁਕਮਾਂ ਦੀ ਉਡੀਕ ਕਰ ਰਹੀ ਹੈ ਅਤੇ ਉਮੀਦ ਹੈ ਕਿ ਨਿਆਂ ਮਿਲੇਗਾ। ਸ਼ਿਵ ਸੈਨਾ ਦੇ 16 ਵਿਧਾਇਕਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਸਣੇ ਹੋਰ ਅਰਜ਼ੀਆਂ 'ਤੇ ਸੁਪਰੀਮ ਕੋਰਟ ਦਾ ਫ਼ੈਸਲਾ ਪੈਂਡਿੰਗ ਹੋਣ ਦਾ ਹਵਾਲਾ ਦਿੰਦਿਆਂ ਰਾਊਤ ਨੇ ਦਾਅਵਾ ਕੀਤਾ, ''ਹੁਣ ਇਹ ਫ਼ੈਸਲਾ ਹੋਣਾ ਹੈ ਕਿ ਵਾਰੰਟ 'ਤੇ ਦਸਤਖ਼ਤ ਕੌਣ ਕਰੇਗਾ।''

# ਅੰਮ੍ਰਿਤਪਾਲ ਸਿੰਘ ਦੀ ਗ੍ਰਿਫ਼ਤਾਰੀ 'ਤੇ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਦਾ ਬਿਆਨ- ' ਭਗੌੜਾ ਆਖਰ ਕਿੰਨੇ ਦਿਨ ਤੱਕ ਭੱਜ ਸਕਦਾ ਹੈ



**ਨਵੀਂ ਦਿੱਲੀ ।** ਅੰਮ੍ਰਿਤਪਾਲ ਸਿੰਘ ਨੂੰ ਐਤਵਾਰ ਸਵੇਰੇ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਸ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ ਗਿਆ ਹੈ। ਆਈਜੀਪੀ ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਇਸ ਦੀ ਜਾਣਕਾਰੀ ਦਿੱਤੀ ਹੈ। ਦੱਸਿਆ ਕਿ ਅਦਾਲਤ ਵੱਲੋਂ ਜਾਰੀ ਐਨ.ਐਸ.ਏ. ਤਹਿਤ ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਕਾਰਵਾਈ ਕੀਤੀ ਗਈ ਹੈ। ਇਸ ਬਾਰੇ ਹੁਣ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਦਾ ਬਿਆਨ ਸਾਹਮਣੇ ਆਇਆ ਹੈ। ਮੰਤਰੀ ਅਨੁਰਾਗ ਠਾਕੁਰ ਨੇ ਕਿਹਾ, ''ਭਗੌੜਾ ਆਖਰ ਕਿੰਨੇ ਦਿਨ ਤੱਕ ਭੱਜ ਸਕਦਾ ਹੈ, ਕਾਨੂੰਨ ਦੇ ਹੱਥ ਲੰਬੇ ਹੁੰਦੇ ਹਨ।'' ਇਸ ਬਾਰੇ ਅੱਗੇ ਬੋਲਦਿਆਂ ਉਨ੍ਹਾਂ ਕਿਹਾ, ''ਦਹਿਸ਼ਤ ਅਤੇ ਡਰ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਹੀ ਚਾਹੀਦੀ ਹੈ। ਪੰਜਾਬ ਨੂੰ ਥੋੜਾ ਸਮਾਂ ਲੱਗਿਆ, ਥੋੜਾ ਜਲਦੀ ਹੁੰਦਾ ਤਾਂ ਹੋਰ ਵਧੀਆ ਹੋਣਾ ਸੀ।'' ਇਸ ਤੋਂ ਇਲਾਵਾ ਕੇਂਦਰੀ ਮੰਤਰੀ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਬਾਰੇ ਵੀ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਰਾਹੁਲ ਗਾਂਧੀ ਪਿਛੜੇ ਸਮਾਜ ਨੂੰ ਅਪਮਾਨਿਤ ਕਰਨ ਜਾਂ ਅਦਾਲਤ ਨੂੰ ਹੰਕਾਰ ਦਿਖਾਉਣ ਅਤੇ ਇਥੋਂ ਤੱਕ ਕੇ ਭਾਵੇਂ ਉਹ ਪਿਛੜੇ ਸਮਾਜ ਤੋਂ ਮੁਆਫ਼ੀ ਵੀ ਨਾ ਮੰਗਣ। ਉਨ੍ਹਾਂ ਕਿਹਾ ਕਿ ਇਹ ਕਾਂਗਰਸ ਦਾ ਉਹ ਪਰਿਵਾਰ ਹੈ ਜੋ ਦੇਸ਼ ਵਿਚ ਅਲਗ ਕਾਨੂੰਨ ਚਾਹੁੰਦੇ ਹਨ ਤਾਂ ਜੋ ਉਨ੍ਹਾਂ 'ਤੇ ਕੋਈ ਕਾਰਵਾਈ ਹੀ ਨਾ ਹੋਵੇ। ਅਨੁਰਾਗ ਠਾਕੁਰ ਨੇ ਕਿਹਾ ਕਿ ਰਾਹੁਲ ਗਾਂਧੀ ਕੋਲ ਅਜੇ ਵੀ ਸਮਾਂ ਹੈ ਕਿ ਉਹ ਮੁਆਫ਼ੀ ਮੰਗ ਲੈਣ ਅਤੇ ਅੱਗੇ ਵਧਣ। ਚੋਣਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਤਿਆਰੀ ਬਹੁਤ ਵਧੀਆ ਹੈ। ਭਾਰਤ ਦੀ ਜਨਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨੂੰ ਬਹੁਤ ਪਸੰਦ ਕਰਦੇ ਹਨ ਅਤੇ ਮੁੜ ਉਨ੍ਹਾਂ ਦੀ ਅਗਵਾਈ ਵਾਲੀ ਸਰਕਾਰ ਹੀ ਚਾਹੁੰਦੇ ਹਨ।

# ਬਿਨਾਂ ਬਦਲ ਦੇ ਮੋਬਾਈਲ ਇੰਟਰਨੈੱਟ ਬੰਦ ਕਰਨਾ ਮੌਲਿਕ ਅਧਿਕਾਰਾਂ ਦੀ ਉਲੰਘਣਾ : ਹਾਈਕੋਰਟ

**ਚੰਡੀਗੜ੍ਹ।** ਇੰਟਰਨੈਟ ਸੇਵਾ ਨੂੰ ਮੁਅੱਤਲ ਕਰ ਕੇ ਵਾਈਫਾਈ ਅਤੇ ਬ੍ਰਾਡਬੈਂਡ ਇੰਟਰਨੈਟ ਸਹੂਲਤ ਨੂੰ ਜਾਰੀ ਰੱਖਣਾ ਮੋਬਾਈਲ ਡਾਟਾ 'ਤੇ ਨਿਰਭਰ ਲੋਕਾਂ ਦੇ ਬੁਨਿਆਦੀ ਅਧਿਕਾਰਾਂ ਦੀ ਉਲੰਘਣਾ ਹੈ। ਇਹ ਟਿੱਪਣੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਕੀਤੀ ਗਈ ਹੈ ਅਤੇ ਕਿਹਾ ਹੈ ਕਿ ਅਜਿਹਾ ਇਸ ਲਈ ਕਿਉਂਕਿ ਇਹ ਬਰਾਬਰ ਅਧਿਕਾਰਾਂ ਦੀ ਉਲੰਘਣਾ ਕਰਦਾ ਹੈ। ਹਾਈਕੋਰਟ ਨੇ ਕੇਂਦਰ ਸਰਕਾਰ ਅਤੇ ਹੋਰਾਂ ਨੂੰ ਨੋਟਿਸ ਜਾਰੀ ਕਰ ਇਸ 'ਤੇ ਜਵਾਬ ਮੰਗਿਆ ਹੈ। ਅਪੀਲਕਰਤਾ ਨੀਰਜ ਨੇ ਹਾਈਕੋਰਟ ਨੂੰ ਦੱਸਿਆ ਕਿ ਕਿਸੇ ਅੰਦੋਲਨ ਨੂੰ ਵਧਣ ਤੋਂ ਰੋਕਣ ਅਤੇ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ ਲਈ ਸਰਕਾਰ ਆਪਣੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਇੰਟਰਨੇਟ ਸੇਵਾ ਮੁਅੱਤਲ ਕਰਨ ਦਾ ਫ਼ੈਸਲਾ ਲੈਂਦੀ ਹੈ। ਪੰਜਾਬ ਵਿਚ ਅੰਮ੍ਰਿਤਪਾਲ ਸਿੰਘ ਗ੍ਰਿਫ਼ਤਾਰੀ ਨੂੰ ਲੈ ਕੇ ਪੰਜਾਬ ਸਰਕਾਰ ਨੇ ਮੁਹਿੰਮ ਚਲਾਉਂਦਿਆਂ ਤਿੰਨ ਦਿਨ ਲਈ



ਇੰਟਰਨੇਟ ਸੇਵਾਵਾਂ ਬੰਦ ਰੱਖਣ ਦਾ ਫ਼ੈਸਲਾ ਕੀਤਾ ਸੀ। ਇਸ ਦੌਰਾਨ ਸਿਰਫ ਮੋਬਾਈਲ ਇੰਟਰਨੇਟ ਸੇਵਾ ਨੂੰ ਬੰਦ ਕੀਤਾ ਗਿਆ ਸੀ ਜਦਕਿ ਵਾਈ-ਫਾਈ ਅਤੇ ਬ੍ਰਾਡਬੈਂਡ ਰਾਹੀਂ ਇੰਟਰਨੈੱਟ ਸੇਵਾ ਜਾਰੀ ਸੀ। ਪਟੀਸ਼ਨਕਰਤਾ ਨੇ ਕਿਹਾ ਕਿ ਇੰਟਰਨੈੱਟ ਸੇਵਾ ਮੁਅੱਤਲ ਕਰਨ ਨਾਲ ਸਮਾਜ ਦੇ ਉਸ ਵਰਗ 'ਤੇ ਮਾੜਾ ਪ੍ਰਭਾਵ ਪੈਂਦਾ ਹੈ, ਜੋ ਪੂਰੀ ਤਰ੍ਹਾਂ ਮੋਬਾਈਲ ਇੰਟਰਨੈੱਟ ਡਾਟਾ 'ਤੇ ਨਿਰਭਰ ਹੈ।

# ਅਨੁਸੂਚਿਤ ਜਾਤੀ ਦੇ ਜਾਅਲੀ ਸਰਟੀਫਿਕੇਟ ਖਿਲਾਫ ਧਰਨਾ ਚੌਥੇ ਦਿਨ ਚ ਪੁੱਜਿਆ



**ਮੋਹਾਲੀ ।** ਜਾਅਲੀ ਅਨੁਸੂਚਿਤ ਜਾਤੀ ਦੇ ਸਰਟੀਫਿਕੇਟ ਨੂੰ ਰੱਦ ਕਰਵਾਉਣ ਖਿਲਾਫ ਪੰਜਾਬ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਮੋਹਾਲੀ ਦੇ ਦਫਤਰ ਅੱਗੇ ਲਗਾ ਪੱਕਾ ਧਰਨਾ ਅੱਜ ਚੌਥੇ ਦਿਨ ਵਿੱਚ ਸਫਲਤਾਪੂਰਵਕ ਪਹੁੰਚ ਗਿਆ ਹੈ। ਇਸ ਧਰਨੇ ਦੇ ਪ੍ਰਧਾਨ ਪ੍ਰੋਫ਼ੇਸਰ ਹਰਨੇਕ ਸਿੰਘ ਨੇ ਦੱਸਿਆ ਕਿ ਦਲਿਤਾਂ ਦੀ ਭਲਾਈ ਲਈ ਬਣਿਆ ਵਿਭਾਗ ਹੀ ਓਹਨਾ ਦਾ ਨੁਕਸਾਨ ਕਰ ਰਿਹਾ ਹੈ ਕਿਉਂਕਿ ਇਹ ਵਿਭਾਗ ਜਾਅਲੀ ਸਰਟੀਫਿਕੇਟਾਂ ਦੀ ਜਾਂਚ ਦਾ ਨਿਪਟਾਰਾ ਨਹੀਂ ਕਰ ਰਿਹਾ ਹੈ ਅਤੇ ਦੋਸ਼ੀਆਂ ਨੂੰ ਬਣਦੀ ਸਜ਼ਾ ਨਹੀਂ ਦਿੱਤੀ ਜਾ ਰਹੀ ਹੈ ਇਸਲਈ ਓਹਨਾ ਵਿਭਾਗ ਨੂੰ ਕਿਹਾ ਕਿ ਇਹਨਾਂ ਲਟਕਦੇ ਕੇਸਾਂ ਦਾ ਜਲਦ ਨਿਪਟਾਰਾ ਕੀਤਾ ਜਾਵੇ। ਓਹਨਾ ਸਰਕਾਰ ਤੋਂ ਇਹ ਵੀ ਮੰਗ ਕੀਤੀ ਕਿ ਮਾਣਯੋਗ ਅਨੁਸੂਚਿਤ ਜਾਤੀਆਂ ਕਮਿਸ਼ਨ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਕਾਫੀ ਸਮੇਂ ਤੋਂ ਚੈਅਰਪਰਸਨ ਦੀ ਖਾਲੀ ਪਈ ਆਦਮੀ ਤੁਰੰਤ ਭਰੀ ਜਾਵੇ ਅਤੇ ਕਮਿਸ਼ਨ ਵਿੱਚ ਮੈਂਬਰਾਂ ਦੀ ਗਿਣਤੀ ਮੁੜ ਪਹਿਲਾਂ ਜਿੰਨੀ ਕੀਤੀ ਜਾਵੇ ਜੋ ਕਿ ਮੌਕੇ ਦੀ ਸਰਕਾਰ ਨੇ ਘੱਟ ਕਰ ਦਿੱਤੀ ਹੈ ਅਤੇ ਪੱਕਾ ਸਟਾਫ਼ ਭਰਤੀ ਕਰਕੇ ਕਮਿਸ਼ਨ ਨੂੰ ਹੋਰ ਸ਼ਕਤੀਆਂ ਦੇਕੇ ਮਜ਼ਬੂਤ ਕੀਤਾ ਜਾਵੇ ਤਾਂਕਿ ਦਲਿਤ ਲੋਕਾਂ ਦਾ ਭਲਾ ਹੋ ਸਕੇ ਇਸਦੇ ਨਾਲ ਹੀ ਉਹਨਾਂ ਮੰਗ ਕੀਤੀ ਕਿ ਰਾਖਵਾਂਕਰਨ ਪੋਲਿਸੀ ਨੂੰ ਲਾਗੂ ਕਰਕੇ ਲੰਮੇ ਸਮੇਂ ਤੋਂ ਰੋਕੀਆਂ ਗਈਆਂ ਪੱਦ-ਉੱਨਤੀਆਂ ਦਿੱਤੀਆਂ ਜਾਣ ਕਿਉਂਕਿ ਬਹੁਤ ਸਾਰੇ ਦਲਿਤ ਕਰਮਚਾਰੀ ਬਿਨਾ ਤਰੱਕੀਆਂ ਤੋਂ ਹੀ ਸੇਵਾਮੁਕਤ ਹੋ ਜਾਂਦੇ ਹਨ ਜੋ ਕਿ ਪੰਜਾਬ ਸਰਕਾਰ ਦੀ ਰਿਜਰਵੇਸ਼ਨ ਪਾਲਿਸੀ 2006 ਦੀ ਘੋਰ ਉਲੰਘਣਾ ਹੈ। ਇਸ ਨਾਲ ਹੀ ਓਹਨਾ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਜ਼ਿਲ੍ਹਾ ਮੋਹਾਲੀ ਦੇ ਜਿਲ੍ਹਾ ਭਲਾਈ ਅਫ਼ਸਰ ਰਵਿੰਦਰਪਾਲ ਸਿੰਘ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਕਿਉਂਕਿ ਉਸ ਖਿਲਾਫ ਭ੍ਰਿਸ਼ਟਾਚਾਰ ਦੇ ਦੋਸ਼ ਸਾਬਿਤ ਹੋ ਚੁੱਕੇ ਹਨ ਅਤੇ ਓਹਨਾ ਦੱਸਿਆ ਕਿ ਆਉਣ ਵਾਲੇ ਦਿਨਾਂ ਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਜਲੰਧਰ ਜਿਮਨੀ ਚੋਣ ਵਿਖੇ ਸਰਕਾਰ ਨੂੰ ਇਸਦਾ ਖਮਿਆਜਾ ਭੁਗਤਣਾ ਪਵੇਗਾ। ਅੱਜ ਧਰਨੇ ਵਿੱਚ ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਆਗੂ ਵੀ ਸ਼ਾਮਿਲ ਹੋਏ ਅਤੇ ਨਰੇਗਾ ਫਰੰਟ ਵਰਕਰਸ ਵੀ ਲਗਾਤਾਰ ਸਮੂਲੀਅਤ ਕਰ ਰਹੇ ਹਨ । ਇਹਨਾ ਤੋਂ ਅਲਾਵਾ ਪ੍ਰਿੰਸੀਪਲ ਬਲਦੇਵ ਸਿੰਘ ਨਾਗਵੰਸ਼ੀ, ਗੁਰਨਾਮ ਸਿੰਘ ਦੌਲਣਮਾਜਰਾ, ਰਾਜਿੰਦਰ ਸਿੰਘ ਰਾਜਾ ਨਨਹੇੜੀਆਂ, ਸੁਖਦੇਵ ਸਿੰਘ ਚਪੜਚਿੜੀ, ਜਸਦੇਵ ਸਿੰਘ ਕੁਰਾਲੀ, ਲਖਬੀਰ ਸਿੰਘ ਬੌਬੀ, ਗੁਲਸ਼ਨ ਕੁਮਾਰ, ਬੀਬੀ ਬਲਜਿੰਦਰ ਕੌਰ, ਸਾਹਿਬ ਸਿੰਘ ਭੰਡੋਆ,ਪਰਗਟ ਸਿੰਘ ਸਿੱਧੂ ਇੰਚਾਰਜ ਪੰਜਾਬ ਅਤੇ ਹਿਮਾਚਲ ਪ੍ਰਦੇਸ਼, ਸਤਬੀਰ ਸਿੰਘ, ਬੀਬੀ ਕੌਸ਼ਲਿਆ ਦੇਵੀ,ਜਸਵਿੰਦਰ ਸਿੰਘ

# ਬੱਸ ਨੇ ਕਾਰ ਨੂੰ ਮਾਰੀ ਟੱਕਰ, ਧੀ ਦੀ ਹੋਈ ਮੌਤ, ਪਤੀ-ਪਤਨੀ ਤੇ ਪੁੱਤ ਗੰਭੀਰ ਜ਼ਖ਼ਮੀ

**ਮਾਨਸਾ।** ਆਏ ਦਿਨ ਵਾਪਰਦੇ ਸੜਕ ਹਾਦਸੇ ਕਈ ਕੀਮਤੀ ਜਾਨਾਂ ਲੈ ਲੈਂਦੇ ਹਨ। ਖ਼ਬਰ ਬੁਢਲਾਡਾ ਤੋਂ ਹੈ ਜਿਥੇ ਵਾਪਰੇ ਹਾਦਸੇ ਨੇ ਧੀ ਦੀ ਜਾਨ ਲੈ ਲਈ ਜਦਕਿ ਪਤੀ-ਪਤਨੀ ਅਤੇ ਪੁੱਤਰ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ ਹਨ। ਜਾਣਕਾਰੀ ਅਨੁਸਾਰ ਇਹ ਹਾਦਸਾ ਪਿੰਡ ਗੁਰਨੇ ਕਲਾਂ ਦੇ ਫਫੜੇ ਭਾਈਕੇ ਚੌਕ ਵਿਖੇ ਵਾਪਰਿਆ ਜਿਥੇ ਇੱਕ ਬੱਸ ਅਤੇ ਕਾਰ ਦੀ ਭਿਆਨਕ ਟੱਕਰ ਹੋਈ। ਦੱਸਿਆ ਜਾ ਰਿਹਾ ਹੈ ਕਿ ਇਹ ਪੂਰਾ ਪਰਿਵਾਰ ਧਾਰਮਿਕ ਸਥਾਨ ਤੋਂ ਮੱਥਾ ਟੇਕ ਕੇ ਵਾਪਸ ਆ ਰਿਹਾ ਸੀ ਕਿ ਇਸ ਦੌਰਾਨ ਰਸਤੇ ਵਿਚ ਹੀ ਇਹ ਭਾਣਾ ਵਾਪਰ ਗਿਆ। ਮ੍ਰਿਤਕ ਦੀ ਪਛਾਣ ਪ੍ਰਿਯੰਕਾ (17) ਵਜੋਂ ਹੋਈ ਹੈ ਜਦਕਿ ਮ੍ਰਿਤਕ ਦਾ ਪਿਤਾ ਅਵਤਾਰ ਸਿੰਘ (48) ਕਾਰ ਚਲਾ ਰਿਹਾ ਸੀ, ਸੁਖਚੈਨ ਕੌਰ ਪਤਨੀ (46) ਅਤੇ ਉਨ੍ਹਾਂ ਦਾ ਪੁੱਤਰ ਸ਼ੁੱਭ ਕਰਮਦੀਪ ਸਿੰਘ (19) ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।

# ਕਣਕ ਵੱਢ ਕੇ ਵਾਪਸ ਜਾ ਰਹੇ ਮਜ਼ਦੂਰਾਂ ਨਾਲ ਵਾਪਰਿਆ ਹਾਦਸਾ, ਪਲਟਿਆ ਟੈਂਪੂ, 9 ਮਜ਼ਦੂਰ ਜ਼ਖ਼ਮੀ

**ਅਬੋਹਰ।** ਅਬੋਹਰ 'ਚ ਸ਼ਨੀਵਾਰ ਦੇਰ ਸ਼ਾਮ ਪਿੰਡ ਪੱਕੀ ਤੋਂ ਬੱਲੂਆਣਾ ਵੱਲ ਆ ਰਿਹਾ ਮਜ਼ਦੂਰਾਂ ਦਾ ਇੱਕ ਟੈਂਪੂ ਕਾਰ ਦੀ ਟੱਕਰ ਤੋਂ ਬਾਅਦ ਪਲਟ ਗਿਆ। ਜਿਸ 'ਚ ਸਵਾਰ ਕਰੀਬ 9 ਲੋਕ ਬੁਰੀ ਤਰ੍ਹਾਂ ਜ਼ਖਮੀ ਹੋ ਗਏ। ਜਿਨ੍ਹਾਂ ਨੂੰ ਤੁਰੰਤ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਔਰਤ ਅਤੇ ਬੱਚੇ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਫਰੀਦਕੋਟ ਰੈਫਰ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਬੱਲੂਆਣਾ ਦੇ ਕੁਝ ਵਸਨੀਕ ਇੱਕ ਟੈਂਪੂ ਵਿੱਚ ਸਵਾਰ ਹੋ ਕੇ ਪਿੰਡ ਪੱਕੀ ਵਿੱਚ ਕਣਕ ਵੱਢਣ ਜਾ ਰਹੇ ਕਰਨ ਲਈ ਗਏ ਹੋਏ ਸਨ। ਸ਼ਾਮ ਨੂੰ ਜਦੋਂ ਇਹ ਲੋਕ ਵਾਪਸ ਆ ਰਹੇ ਸਨ ਤਾਂ ਪੱਕੀ ਨੇੜੇ ਸਾਹਮਣੇ ਤੋਂ ਆ ਰਹੀ ਇੱਕ ਕਾਰ ਨੇ ਟੈਂਪੂ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਟੈਂਪੂ ਸੜਕ ਕਿਨਾਰੇ ਪਲਟ ਗਿਆ।

# ਭਾਈ ਅੰਮ੍ਰਿਤਪਾਲ ਸਿੰਘ ਦੀ ਗ੍ਰਿਫ਼ਤਾਰੀ ਤੋਂ ਬਾਅਦ ਮਾਪਿਆਂ ਦਾ ਬਿਆਨ ਆਇਆ ਸਾਹਮਣੇ





ਆਖ਼ਰਕਾਰ 36 ਦਿਨ ਬਾਅਦ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ ਹੋ ਗਈ ਹੈ। ਇਸ ਦੇ ਨਾਲ ਹੀ ਦੱਸ ਦਈਏ ਕਿ ਪੰਜਾਬ ਪੁਲਿਸ ਦਾ ਆਪ੍ਰੇਸ਼ਨ ਅੰਮ੍ਰਿਤਪਾਲ ਵੀ ਖ਼ਤਮ ਹੋ ਗਿਆ ਹੈ। ਇਸ ਵੱਡੇ ਆਪ੍ਰੇਸ਼ਨ ਬਾਰੇ ਆਈਜੀ ਸੁਖਚੈਨ ਸਿੰਘ ਨੇ ਪ੍ਰੈਸ ਕਾਨਫਰੰਸ ਕਰਕੇ ਜਾਣਕਾਰੀ ਸਾਂਝੀ ਕੀਤੀ।ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਕਿਹਾ, "ਮੇਰੇ ਪੁੱਤਰ, ਸਿੱਖ ਸੰਗਤ ਦੇ ਮਿਸ਼ਨ ਨੂੰ ਅੱਗੇ ਵਧਾਇਆ ਜਾਣਾ ਚਾਹੀਦਾ ਹੈ। ਮੇਰਾ ਬੇਟਾ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਲੜਾਈ ਲੜ ਰਿਹਾ ਹੈ। ਸਾਨੂੰ ਟੀਵੀ ਨਿਊਜ਼ ਤੋਂ ਜਾਣਕਾਰੀ ਮਿਲੀ ਅਤੇ ਉਹ ਆਪਣੇ ਪਰਿਵਾਰ ਦੇ ਸੰਪਰਕ ਵਿੱਚ ਨਹੀਂ ਸੀ। ਮੀਡੀਆ ਵਿੱਚ ਜੋ ਤਸਵੀਰਾਂ ਸਾਹਮਣੇ ਆਈਆਂ ਹਨ, ਉਹ ਸਪੱਸ਼ਟ ਨਹੀਂ ਹਨ। ਉਹ ਅੱਜ ਵੀ ਸਿੱਖ ਪਹਿਰਾਵਾ ਪਾਉਂਦਾ ਹੈ। ਮੈਂ ਉਨ੍ਹਾਂ ਸਾਰਿਆਂ ਦੇ ਨਾਲ ਹਾਂ ਜਿਨ੍ਹਾਂ ਨੂੰ ਪੰਜਾਬ ਪੁਲਿਸ ਨੇ ਪ੍ਰੇਸ਼ਾਨ ਕੀਤਾ ਸੀ।"ਨਾਲ ਹੀ ਅੱਗੇ ਬੋਲਦਿਆਂ ਅੰਮ੍ਰਿਤਪਾਲ ਸਿੰਘ ਦੇ ਪਿਤਾ ਨੇ ਕਿਹਾ ਕਿ ਉਹ ਹੁਣ ਕਾਨੂੰਨ ਦਾ ਸਹਾਰਾ ਲੈਣਗੇ ਤੇ ਉਨ੍ਹਾਂ ਦਾ ਕੇਸ ਹੁਣ ਅਦਾਲਤ ਵਿੱਚ ਲੜਿਆ ਜਾਵੇਗਾ। ਨਾਲ ਹੀ ਉਨ੍ਹਾਂ ਕਿਹਾ ਕਿ ਉਹ ਅੰਮ੍ਰਿਤਪਾਲ ਦੇ ਸੰਪਰਕ 'ਚ ਨਹੀਂ ਸੀ, ਪਰ ਹੁਣ ਉਹ ਡਿਬਰੂਗੜ੍ਹ ਜੇਲ੍ਹ 'ਚ ਅੰਮ੍ਰਿਤਪਾਲ ਨੂੰ ਮਿਲਣ ਜ਼ਰੂਰ ਜਾਣਗੇ। ਇਸ ਦੌਰਾਨ ਜਦੋਂ ਐਤਵਾਰ ਨੂੰ ਹੀ ਅੰਮ੍ਰਿਤਪਾਲ ਸਿੰਘ ਦੀ ਮਾਤਾ ਨਾਲ ਅੰਮ੍ਰਿਤਪਾਲ ਦੀ ਗ੍ਰਿਫ਼ਤਾਰੀ ਬਾਰੇ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਮੇਰੇ ਬੇਟੇ ਨੇ ਸ਼ੇਰਾਂ ਵਾਂਗ ਖੁਦ ਗ੍ਰਿਫ਼ਤਾਰੀ ਦਿੱਤੀ ਹੈ। ਅਤੇ ਉਸ ਨੂੰ ਸਿੱਖੀ ਸਰੂਪ 'ਚ ਤੇ ਚੜਦੀ ਕਲਾਂ 'ਚ ਵੇਖ ਚੰਗਾ ਲੱਗਿਆ।

# ਪੰਜਾਬ ਪੁਲਿਸ ਨੇ ਉੱਤਰਾਖੰਡ ਦੇ ਵਪਾਰੀ ਦੀ ਟਾਰਗੇਟ ਕਿਲਿੰਗ ਦਾ ਮਨਸੂਬਾ ਕੀਤਾ ਨਾਕਾਮ; ਅਰਸ਼ ਡੱਲਾ ਗੈਂਗ ਦੇ ਦੋ ਮੈਂਬਰ ਕਾਬੂ

**ਚੰਡੀਗੜ੍ਹ/ਬਠਿੰਡਾ**

ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਨਾਮਜ਼ਦ-ਅੱਤਵਾਦੀ ਅਰਸ਼ ਡੱਲਾ ਅਤੇ ਗੈਂਗਸਟਰ ਸੁੱਖਾ ਦੁੱਨੇਕੇ ਨਾਲ ਜੁੜੇ ਦੋ ਗੈਂਗ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉੱਤਰਾਖੰਡ 'ਚ ਸੰਭਾਵਿਤ ਟਾਰਗੇਟ ਕਿਲਿੰਗ ਦਾ ਮਨਸੂਬਾ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦਿੱਤੀ। ਫੜੇ ਗਏ ਵਿਅਕਤੀਆਂ ਦੀ ਪਛਾਣ ਸ਼ਮਿਲਾ ਸਿੰਘ ਵਾਸੀ ਪਿੰਡ ਗਰਾਂਘਣਾ, ਜ਼ਿਲ੍ਹਾ ਮਾਨਸਾ ਅਤੇ ਹਰਜੀਤ ਸਿੰਘ ਉਰਫ਼ ਗੋਰਾ ਵਾਸੀ ਪਿੰਡ ਭਡੋਲੀਆਂਵਾਲੀ, ਜ਼ਿਲ੍ਹਾ ਫ਼ਤਿਹਾਬਾਦ, ਹਰਿਆਣਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਤਿੰਨ ਪਿਸਤੌਲਾਂ .32 ਬੋਰ, .315 ਬੋਰ ਦਾ ਦੇਸੀ ਕੱਟਾ, ਜ਼ਿੰਦਾ ਕਾਰਤੂਸ ਅਤੇ ਮੈਗਜ਼ੀਨ ਸਮੇਤ ਇੱਕ 12 ਬੋਰ ਦਾ ਦੇਸੀ ਕੱਟਾ ਬਰਾਮਦ ਕੀਤੀਆਂ ਹਨ ਅਤੇ ਇਸ ਦੇ ਨਾਲ ਹੀ 1.90 ਲੱਖ ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਹੈ, ਜੋ ਕਿ ਕੰਟਰੈਕਟ ਕਿਲਿੰਗ ਲਈ ਮੁਹੱਈਆ ਕਰਵਾਈ ਗਈ ਸੀ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਭਰੋਸੇਯੋਗ



ਸੂਚਨਾਵਾਂ ਦੇ ਆਧਾਰ 'ਤੇ ਕਾਊਂਟਰ ਇੰਟੈਲੀਜੈਂਸ ਬਠਿੰਡਾ ਨੇ ਬਠਿੰਡਾ ਜ਼ਿਲ੍ਹਾ ਪੁਲਿਸ ਨਾਲ ਮਿਲ ਕੇ ਬਠਿੰਡਾ ਦੇ ਪਿੰਡ ਜੱਸੀ ਪੌਵਾਲੀ ਵਿਖੇ ਨਾਕਾ ਲਗਾਇਆ ਅਤੇ ਜਦੋਂ ਸ਼ਮਿਲਾ ਸਿੰਘ ਆਪਣੇ ਦੋਸਤ ਨੂੰ ਮਿਲਣ ਜਾ ਰਿਹਾ ਸੀ, ਉਸ ਨੂੰ ਗ੍ਰਿਫ਼ਤਾਰ ਕਰ ਲਿਆ।

ਵਧੇਰੇ ਜਾਣਕਾਰੀ ਦਿੰਦਿਆਂ ਏ.ਆਈ.ਜੀ. ਸਿਮਰਤਪਾਲ ਸਿੰਘ ਨੇ ਦੱਸਿਆ ਕਿ ਸ਼ਮਿਲਾ ਸਿੰਘ ਨੇ ਖੁਲਾਸਾ ਕੀਤਾ ਕਿ ਅਰਸ਼ ਡੱਲਾ ਨੇ ਉਸ ਨੂੰ ਕਾਸ਼ੀਪੁਰ ਦੇ ਵਪਾਰੀ ਨੂੰ ਮਾਰਨ ਲਈ ਕਿਹਾ ਸੀ ਅਤੇ ਉਸ ਨੂੰ ਲੌਜਿਸਟਿਕ ਸਹਾਇਤਾ ਲਈ ਆਪਣੇ ਸਾਥੀ ਸਾਧੂ ਸਿੰਘ, ਜੋ ਇਸ ਸਮੇਂ ਹਲਦਵਾਨੀ ਜੇਲ੍ਹ ਵਿੱਚ ਬੰਦ ਹੈ, ਨੂੰ ਮਿਲਣ ਲਈ ਕਿਹਾ ਸੀ।

ਉਹਨਾਂ ਕਿਹਾ ਕਿ ਅਰਸ਼ ਡੱਲਾ ਨੇ ਇਸ ਕੰਟਰੈਕਟ ਕਿਲਿੰਗ ਨੂੰ ਅੰਜਾਮ ਦੇਣ ਲਈ 7 ਲੱਖ ਰੁਪਏ ਸ਼ਮਿਲਾ ਸਿੰਘ ਨੂੰ ਦੋ ਕਿਸ਼ਤਾਂ - 4 ਲੱਖ ਅਤੇ 3 ਲੱਖ ਰੁਪਏ- ਵਿੱਚ ਭੇਜੇ ਸਨ।ਏ.ਆਈ.ਜੀ ਨੇ ਦੱਸਿਆ ਕਿ ਦੋਸ਼ੀ ਸ਼ਮਿਲਾ ਸਿੰਘ ਨੇ ਸੁੱਖਾ ਦੁੱਨੇਕੇ ਦੇ ਕਹਿਣ 'ਤੇ ਅਣਪਛਾਤੇ ਵਿਅਕਤੀ ਨੂੰ 4 ਲੱਖ ਰੁਪਏ ਦਿੱਤੇ ਸਨ ਅਤੇ ਇਸ ਕਤਲ ਨੂੰ ਅੰਜਾਮ ਦੇਣ ਲਈ ਛੇ ਹਥਿਆਰਾਂ ਦਾ ਪ੍ਰਬੰਧ ਕਰਨ ਵਾਸਤੇ ਹਰਜੀਤ ਸਿੰਘ ਉਰਫ ਗੋਰਾ ਨੂੰ 3 ਲੱਖ ਰੁਪਏ ਦਿੱਤੇ ਸਨ।

ਇਸ ਉਪਰੰਤ ਪੁਲਿਸ ਟੀਮਾਂ ਨੇ ਹਰਿਆਣਾ ਪੁਲਿਸ ਦੀ ਮਦਦ ਨਾਲ ਹਰਜੀਤ ਗੋਰਾ ਨੂੰ ਉਸਦੇ ਪਿੰਡ ਤੋਂ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਪੁੱਛਗਿੱਛ ਜਾਰੀ ਹੈ ਅਤੇ ਹੋਰ ਬਰਾਮਦਗੀਆਂ ਦੀ ਵੀ ਉਮੀਦ ਹੈ।

ਇਸ ਸਬੰਧੀ ਐਫ.ਆਈ.ਆਰ. ਨੰ. 48 ਮਿਤੀ 20-04-2023 ਨੂੰ ਅਸਲਾ ਐਕਟ ਦੀ ਧਾਰਾ 25(6), (7)/54/59 ਅਤੇ ਭਾਰਤੀ ਦੰਡਾਵਲੀ (ਆਈ.ਪੀ.ਸੀ.) ਦੀ ਧਾਰਾ 120ਬੀ ਤਹਿਤ ਥਾਣਾ ਸਦਰ ਬਠਿੰਡਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਮਯੰਕ ਫਾਊਂਡੇਸ਼ਨ ਵੱਲੋਂ ਫਿਰੋਜ਼ਪੁਰ ਮੈਡੀਸਿਟੀ ਹਸਪਤਾਲ ਅਤੇ ਸੇਵਾ ਪੰਜਾਬ ਦੇ ਸਹਿਯੋਗ ਨਾਲ ਲਗਾਇਆ ਗਿਆ ਮੁਫਤ ਮੈਡੀਕਲ ਕੈਂਪ

## ● 120 ਮਰੀਜ਼ਾਂ ਦੀ ਜਾਂਚ, 90 ਨੂੰ ਮੁਫ਼ਤ ਦਵਾਈਆਂ ਵੰਡੀਆਂ ● ਹਰ ਤਿੰਨ ਮਹੀਨੇ ਬਾਅਦ ਲਗਾਇਆ ਜਾਵੇਗਾ ਫਾਲੋ ਅੱਪ ਕੈਂਪ : ਵਿਪੁਲ ਨਾਰੰਗ







**ਫ਼ਿਰੋਜ਼ਪੁਰ (ਲੋਕ ਬਾਣੀ)** ਮਯੰਕ ਫਾਊਂਡੇਸ਼ਨ ਨੇ ਸੇਵਾ ਪੰਜਾਬ ਦੇ ਸਹਿਯੋਗ ਨਾਲ ਫਿਰੋਜ਼ਪੁਰ ਦੇ ਮੈਡੀਸਿਟੀ ਹਸਪਤਾਲ ਵਿਖੇ ਘਰੇਲੂ ਕਾਮਿਆਂ ਲਈ ਮੁਫਤ ਮੈਡੀਕਲ ਜਾਂਚ ਕੈਂਪ ਲਗਾਇਆ। ਹਸਪਤਾਲ ਦੇ ਡਾਇਰੈਕਟਰ ਸੁਬੋਧ ਕੱਕੜ, ਰੈੱਡ ਕਰਾਸ ਦੇ ਸਕੱਤਰ ਅਸ਼ੋਕ ਬਹਿਲ, ਸੀਨੀਅਰ ਸਮਾਜ ਸੇਵੀ ਹਰੀਸ਼ ਮੋਂਗਾ, ਸੇਵਾ ਪੰਜਾਬ ਦੇ ਖੇਤਰੀ ਇੰਚਾਰਜ ਹਰਪਿੰਦਰ ਕੌਰ, ਪ੍ਰੋਜੈਕਟ ਕੋਆਰਡੀਨੇਟਰ ਵਿਪੁਲ ਨਾਰੰਗ ਨੇ ਦੀਪ ਜਗਾ ਕੇ ਕੈਂਪ ਦਾ ਉਦਘਾਟਨ ਕੀਤਾ . ਵਿਪੁਲ ਨਾਰੰਗ ਨੇ ਦੱਸਿਆ ਕਿ ਇਸ ਕੈਂਪ ਵਿੱਚ ਹੱਡੀਆਂ ਦੇ ਰੋਗ, ਦਿਲ, ਪੇਟ, ਸ਼ੂਗਰ, ਲੀਵਰ ਅਤੇ ਛਾਤੀ ਦੇ ਰੋਗਾਂ ਅਤੇ ਗਾਇਨੀ ਰੋਗਾਂ ਦੀ ਜਾਂਚ ਕੀਤੀ ਗਈ। ਡਾ: ਅਸ਼ਵਨੀ ਕੁਮਾਰ, ਡਾ: ਦੀਪਕ ਗੋਇਲ, ਡਾ: ਅਮਨਪ੍ਰੀਤ ਕੌਰ ਅਤੇ ਡਾ: ਮਿਸ਼ਲ ਧਵਨ ਨੇ ਮਰੀਜ਼ਾਂ ਦਾ ਮੁਆਇਨਾ ਕੀਤਾ . ਕੈਂਪ ਵਿੱਚ ਮੁਫ਼ਤ ਦਵਾਈਆਂ, ਹੱਡੀਆਂ ਦੇ ਟੈਸਟ ਲਈ ਮੁਫ਼ਤ ਬੀ.ਐਮ.ਡੀ. ਟੈਸਟ, ਸ਼ੂਗਰ ਦੇ ਤਿੰਨ ਮਹੀਨਿਆਂ ਲਈ ਟੈਸਟ ਅਤੇ ਈਸੀਜੀ ਦੀ ਸਹੂਲਤ ਦਿੱਤੀ ਗਈ। ਫਿਰੋਜ਼ਪੁਰ ਮੈਡੀਸਿਟੀ ਦੇ ਚੇਅਰਮੈਨ ਸ਼ਾਮ ਲਾਲ ਕੱਕੜ, ਡਾਇਰੈਕਟਰ ਦਾਨਿਸ਼ ਕੱਕੜ, ਫਾਊਂਡੇਸ਼ਨ ਤੋਂ ਡਾ: ਤਨਜੀਤ ਬੇਦੀ, ਦੀਪਕ ਨਰੂਲਾ, ਰਾਜੀਵ ਸੇਤੀਆ, ਅਰੁਣ ਅਰੋੜਾ, ਸੋਮੇਸ਼ ਗੁੰਬਰ, ਅਨੁਰਾਗ ਐਰੀ, ਦੀਪਕ ਗਰੋਵਰ, ਆਸ਼ੀਸ਼ ਖੁਰਾਣਾ, ਅਸੀਮ ਅਗਰਵਾਲ ਅਤੇ ਕੌਸ਼ਲ ਗਾਂਧੀ ਨੇ ਕੈਂਪ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਸਹਿਯੋਗ ਦਿੱਤਾ।



# ਟਵਿਟਰ ਨੇ ਅਹਿਮ ਹਸਤੀਆਂ ਦੇ ਖਾਤਿਆਂ 'ਤੇ ਬਲਿਊ ਟਿਕ ਬਹਾਲ ਕੀਤੇ



**ਨਵੀਂ ਦਿੱਲੀ।** ਟਵਿਟਰ ਨੇ ਅਹਿਮ ਹਸਤੀਆਂ ਦੇ ਬਲਿਊ ਟਿਕ (ਵੈਰੀਫਿਕੇਸ਼ਨ ਬੈਜ) ਬਹਾਲ ਕਰ ਦਿੱਤੇ ਹਨ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਕੰਪਨੀ ਨੇ ਭੁਗਤਾਨ ਨਾ ਕਰਨ ਵਾਲੇ ਖ਼ਾਤਿਆਂ ਦੇ ਬਲਿਊ ਟਿਕ ਹਟਾ ਦਿੱਤੇ ਸਨ। ਟਵਿਟਰ ਦੇ ਮਾਲਕ ਐਲਨ ਮਸਕ ਦੀ ਮਾਈਕਰੋਬਲਾਗਿੰਗ ਸਾਈਟ ਨੇ ਇਸ ਹਫਤੇ ਭੁਗਤਾਨ ਨਾ ਚੁਕਾਉਣ ਵਾਲਿਆਂ ਦੇ ਟਵਿਟਰ ਖਾਤਿਆਂ ਦੇ ਬਲਿਊ ਟਿਕ ਹਟਾਉਣੇ ਸ਼ੁਰੂ ਕਰ ਦਿੱਤੇ ਸਨ। ਹੁਣ ਕਈ ਖਾਤਿਆਂ 'ਤੇ ਬਲਿਊ ਟਿਕ ਵਾਪਸ ਆ ਗਏ ਹਨ। ਸਚਿਨ ਤੇਂਦੁਲਕਰ ਤੇ ਵਿਰਾਟ ਕੋਹਲੀ ਵਰਗੇ ਸਿਖਰਲੇ ਕ੍ਰਿਕਟਰਾਂ ਦੇ ਬਲਿਊ ਟਿਕ ਵੀ ਹਟਾ ਦਿੱਤੇ ਗਏ ਸਨ ਅਤੇ ਹੁਣ ਉਨ੍ਹਾਂ ਦੇ ਖਾਤਿਆਂ ਵਿੱਚ ਬਲਿਊ ਟਿਕ ਵਾਪਸ ਆ ਗਿਆ ਹੈ।

# ਪੰਜਾਬ ਵਿੱਚ 120 ਲੱਖ ਮੀਟਰਿਕ ਟਨ ਤੋਂ ਵੱਧ ਕਣਕ ਦੀ ਖਰੀਦ ਦੇ ਆਸਾਰ

**ਚੰਡੀਗੜ੍ਹ।** ਪੰਜਾਬ ਵਿੱਚ ਮੌਜੂਦਾ ਹਾੜੀ ਦੇ ਸੀਜ਼ਨ ਵਿੱਚ ਖਰਾਬ ਮੌਸਮ ਦੇ ਬਾਵਜੂਦ 120 ਲੱਖ ਮੀਟਰਿਕ ਟਨ ਤੋਂ ਵੱਧ ਕਣਕ ਦੀ ਖਰੀਦ ਹੋਣ ਦੇ ਆਸਾਰ ਹਨ। ਜ਼ਿਕਰਯੋਗ ਹੈ ਕਿ ਬੀਤੇ ਕੁਝ ਦਿਨਾਂ ਵਿੱਚ ਮੀਂਹ, ਝੱਖੜ ਤੇ ਗੜੇਮਾਰੀ ਕਾਰਨ ਪੰਜਾਬ ਦੇ ਵਧੇਰੇ ਹਿੱਸਿਆਂ ਵਿੱਚ ਕਣਕ ਦੀ ਫਸਲ ਨੁਕਸਾਨੀ ਗਈ ਸੀ। ਇਸ ਦੇ ਬਾਜਵੂਦ ਪੰਜਾਬ ਸਰਕਾਰ ਵੱਲੋਂ ਕੇਂਦਰੀ ਪੂਲ ਲਈ ਮੌਜੂਦਾ ਸੀਜ਼ਨ ਵਿੱਚ 120 ਲੱਖ ਮੀਟਰਿਕ



ਟਨ ਕਣਕ ਖਰੀਦਣ ਦੀ ਉਮੀਦ ਹੈ। ਇਹ ਜਾਣਕਾਰੀ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਨੇ ਦਿੱਤੀ ਹੈ। ਜ਼ਕਿਰਯੋਗ ਹੈ ਕਿ ਬੀਤੇ ਸਾਲ ਹਾੜੀ ਦੇ ਸੀਜ਼ਨ ਦੌਰਾਨ 96.47 ਲੱਖ ਮੀਟਰਿਕ ਟਨ ਕਣਕ ਦੀ ਖਰੀਦ ਹੋਈ ਸੀ। ਕਾਬਿਲੇਗੌਰ ਹੈ ਕਿ ਬੀਤੇ ਸਾਲ ਮਾਰਚ ਤੇ ਅਪਰੈਲ ਮਹੀਨੇ ਵਿੱਚ ਗਰਮੀ ਇਕਦਮ ਵੱਧ ਗਈ ਸੀ ਜਿਸ ਕਾਰਨ ਕਣਕ ਦੇ ਝਾੜ 'ਤੇ ਮਾੜਾ ਅਸਰ ਪਿਆ ਸੀ।




ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ, ਪੁਸ਼ਟੀ ਕਰ ਲੈਣ। -ਸੰਪਾਦਕ

daily lok bani (punjabi) R.N.I. Punpun29016,2018 Editor,Owner,printer,Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, jalandhar (India), contect NO: 0181-2211009, fax : 2211009, Email Id: lokbani08@gmail.com